SWITCH INSURANCE
AUTO, HOME & COMMERCIAL
- Commercial Vehicle Insurance
- Commercial Property Insurance
- Commercial General Liability (CGL)
- Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
*Award winning news paper* | Canadian Punjabi Post

JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit **punjabipost.ca/epaper** | Vol 23* Issue 42 | Wednesday, February 28, 2024 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' *Online* ਰੋਜ਼ਾਨਾ ਪੜ੍ਹ ਸਕਦੇ ਹੋ

## ਸ਼ੱਕੀ ਪੋਸਟ ਸੈਕੰਡਰੀ ਇੰਸਟੀਚਿਊਸ਼ਨਜ਼ ਨੂੰ ਜੇ ਪ੍ਰੋਵਿੰਸ ਬੰਦ ਨਹੀਂ ਕਰਨਗੇ ਤਾਂ ਫੈਡਰਲ ਸਰਕਾਰ ਕਰੇਗੀ : ਮਿੱਲਰ

ਓਟਵਾ, 27 ਫਰਵਰੀ (ਪੋਸਟ ਬਿਊਰੋ) : ਇਮੀਗ੍ਰੇਸ਼ਨ ਮੰਤਰੀ ਮਾਰਕ ਮਿੱਲਰ ਨੇ ਮੰਗਲਵਾਰ ਨੂੰ ਆਖਿਆ ਕਿ ਇੰਟਰਨੈਸ਼ਨਲ ਸਟੂਡੈਂਟ ਪ੍ਰੋਗਰਾਮ ਦਾ ਨਜਾਇਜ਼ ਫਾਇਦਾ ਉਠਾਉਣ ਵਾਲੇ ਸ਼ੱਕੀ ਸਕੂਲਾਂ ਖਿਲਾਫ ਜੇ ਪ੍ਰੋਵਿੰਸਾਂ ਵੱਲੋਂ ਕੋਈ ਕਾਰਵਾਈ ਨਹੀਂ ਕੀਤੀ ਗਈ ਤਾਂ ਫੈਡਰਲ ਸਰਕਾਰ ਉਨ੍ਹਾਂ ਨੂੰ ਬੰਦ ਕਰਵਾਉਣ ਲਈ ਆਪ ਅੱਗੇ ਆਵੇਗੀ।



ਹਫਤਾਵਾਰੀ ਕੈਬਨਿਟ ਮੀਟਿੰਗ ਤੋਂ ਪਹਿਲਾਂ ਪਾਰਲੀਆਮੈਂਟ ਹਿੱਲ ਦੇ ਬਾਹਰ ਮਿੱਲਰ ਨੇ ਆਖਿਆ ਕਿ ਕਾਲਜ ਸੈਕਟਰ ਵਿੱਚ ਕੁੱਝ ਦਿੱਕਤਾਂ ਹਨ ਪਰ ਕੁੱਝ ਪ੍ਰਾਈਵੇਟ ਇੰਸਟੀਚਿਊਸ਼ਨਜ਼ ਵਾਰੀ ਵਾਰੀ ਗੜਬੜ ਕਰ ਰਹੇ ਹਨ ਤੇ ਅਜਿਹੇ ਸਕੂਲਾਂ ਨੂੰ ਬੰਦ ਕਰਨ ਦਾ ਸਮਾਂ ਆ ਗਿਆ ਹੈ। ਉਨ੍ਹਾਂ ਆਖਿਆ ਕਿ ਇੰਟਰਨੈਸ਼ਨਲ ਸਟੂਡੈਂਟਸ ਦੇ ਸਬੰਧ ਵਿੱਚ ਪੋਸਟ ਸੈਕੰਡਰੀ ਸੈਕਟਰ ਵਿੱਚ ਜੋ ਵੀ ਦਿੱਕਤਾਂ ਆ ਰਹੀਆਂ ਹਨ ਉਨ੍ਹਾਂ ਦਾ ਹੱਲ ਕਰਨ ਦੀ ਜ਼ਿੰਮੇਵਾਰੀ ਪ੍ਰੋਵਿੰਸਾਂ ਦੀ ਹੈ। ਪਰ ਜੇ ਉਹ ਆਪਣਾ ਕੰਮ ਨਹੀਂ ਕਰਨਗੇ ਤਾਂ ਓਟਵਾ ਨੂੰ ਇਹ ਕੰਮ ਕਰਨਾ ਹੋਵੇਗਾ।

ਜ਼ਿਕਰਯੋਗ ਹੈ ਕਿ ਵਿਦੇਸ਼ੀ ਵਿਦਿਆਰਥੀਆਂ ਦੇ ਦਾਖਲੇ ਵਿੱਚ ਤੇਜ਼ੀ ਨਾਲ ਹੋਏ ਵਾਧੇ ਕਾਰਨ ਸਰਕਾਰ ਨੂੰ ਇੰਟਰਨੈਸ਼ਨਲ ਸਟੂਡੈਂਟ ਪ੍ਰੋਗਰਾਮ ਦਾ ਮੁਲਾਂਕਣ ਕਰਨਾ ਪਿਆ ਤੇ ਲਿਬਰਲਾਂ ਵੱਲੋਂ ਅਗਲੇ ਦੋ ਸਾਲਾਂ ਲਈ ਨਵੇਂ ਸਟਡੀ ਪਰਮਿਟਸ ਨੂੰ ਸੀਮਤ ਕਰਨ ਲਈ ਮਜਬੂਰ ਹੋਣਾ ਪਿਆ। ਪਿਛਲੇ ਸਾਲ 900,000 ਵਿਦੇਸ਼ੀ ਸਟੂਡੈਂਟਸ ਕੋਲ ਕੈਨੇਡਾ ਦਾ ਸਟਡੀ ਵੀਜ਼ਾ ਸੀ, ਜੋ ਕਿ ਇੱਕ ਦਹਾਕੇ ਪਹਿਲਾਂ ਨਾਲੋਂ ਵਿਦਿਆਰਥੀਆਂ ਦੀ ਤਿੱਗੁਣੀ ਗਿਣਤੀ ਹੈ।

## ਹੋਟਲ ਦੇ ਬਾਹਰ ਚੱਲੀਆਂ ਗੋਲੀਆਂ, 3 ਜ਼ਖ਼ਮੀ

ਟੋਰਾਂਟੋ, 27 ਫਰਵਰੀ (ਪੋਸਟ ਬਿਊਰੋ) : ਡਾਊਨਟਾਊਨ ਟੋਰਾਂਟੋ ਦੇ ਐਂਟਰਟੇਨਮੈਂਟ ਡਿਸਟ੍ਰਿਕਟ ਵਿੱਚ ਰਾਤ ਸਮੇਂ ਚੱਲੀ ਗੋਲੀ ਕਾਰਨ ਤਿੰਨ ਵਿਅਕਤੀ ਜ਼ਖ਼ਮੀ ਹੋ ਗਏ, ਜਿਨ੍ਹਾਂ ਵਿੱਚੋਂ ਇੱਕ ਦੀ ਹਾਲਤ ਨਾਜ਼ੁਕ ਬਣੀ ਹੋਈ ਹੈ।

ਮੰਗਲਵਾਰ ਨੂੰ ਤੜ੍ਹਕੇ 3:00 ਵਜੇ ਦੇ ਨੇੜੇ ਤੇੜੇ ਵੈਲਿੰਗਟਨ ਸਟਰੀਟ ਦੇ ਉੱਤਰ ਵੱਲ ਬਲੂ ਜੇਅਜ਼ ਵੇਅ ਉੱਤੇ ਸਥਿਤ ਬਿਸ਼ਾ ਹੋਟਲ ਦੇ ਬਾਹਰ ਐਮਰਜੰਸੀ ਅਮਲੇ ਨੂੰ ਸੱਦਿਆ ਗਿਆ। ਪੁਲਿਸ ਨੇ ਦੱਸਿਆ ਕਿ ਇਹ ਸ਼ੂਟਿੰਗ ਹੋਟਲ ਦੇ ਬਾਹਰ ਵਾਲੀ ਸਟਰੀਟ ਉੱਤੇ ਵਾਪਰੀ। ਡਿਊਟੀ ਇੰਸਪੈਕਟਰ ਮਿਹਰ ਆਬ-ਦੇਲ ਮਲਿਕ ਨੇ ਦੱਸਿਆ ਕਿ ਦੋ ਵਿਅਕਤੀਆਂ ਨੂੰ ਹਸਪਤਾਲ ਲਿਜ-'ਇਆ ਗਿਆ। ਪੁਰਸ਼, ਜੋ ਕਿ ਆਪਣੇ 30ਵਿਆਂ ਵਿੱਚ ਸੀ, ਦੀ ਹਾਲਤ ਨਾਜ਼ੁਕ ਦੱਸੀ ਜਾਂਦੀ ਹੈ ਤੇ ਮਹਿਲਾ, ਜੋ ਕਿ ਆਪਣੇ 20ਵਿਆਂ ਵਿੱਚ ਸੀ, ਮਾਮੂਲੀ ਜ਼ਖ਼ਮੀ ਹੋਈ। ਪੁਲਿਸ ਨੇ ਦੱਸਿਆ ਕਿ ਇੱਕ ਹੋਰ ਵਿਅਕਤੀ, ਜੋ ਕਿ ਆਪਣੇ 30ਵਿਆਂ ਵਿੱਚ ਸੀ, ਆਪਣੇ ਆਪ ਹੀ ਹਸਪਤਾਲ ਜਾ ਪਹੁੰਚਿਆ।



ਇੰਸਪੈਕਟਰ ਮਲਿਕ ਨੇ ਦੱਸਿਆ ਕਿ ਜ਼ਖ਼ਮੀਆਂ ਦਾ ਮੌਕੇ ਉੱਤੇ ਵੀ ਇਲਾਜ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਘੱਟੋ ਘੱਟ ਦੋ ਮਸ਼ਕੂਕ ਮੌਕੇ ਉੱਤੇ ਮੌਜੂਦ ਸਨ। ਪੁਲਿਸ ਵੱਲੋਂ ਚਸ਼ਮਦੀਦਾਂ ਤੋਂ ਵੀ ਮਦਦ ਮੰਗੀ ਜਾ ਰਹੀ ਹੈ। ਮਲਿਕ ਨੇ ਦੱਸਿਆ ਕਿ ਜਾਂਚਕਾਰਾਂ ਦਾ ਮੰਨਣਾ ਹੈ ਕਿ ਇਹ ਸ਼ੂਟਿੰਗ ਪੂਰੀ ਪਲੈਨਿੰਗ ਨਾਲ ਕੀਤੀ ਗਈ ਸੀ।

## ਆਸਟ੍ਰੇਲੀਆ ਨੇ ਰੂਸੀ ਨਾਗਰਿਕਾਂ ਅਤੇ ਸੰਸਥਾਵਾਂ 'ਤੇ ਲਗਾਈਆਂ ਪਾਬੰਦੀਆਂ

ਸਿਡਨੀ, 7 ਫਰਵਰੀ (ਪੋਸਟ ਬਿਊਰੋ): ਬੀਤੇ ਦਿਨ ਆਸਟ੍ਰੇਲੀਆ ਦੀ ਵਿਦੇਸ਼ ਮੰਤਰੀ ਪੇਨੀ ਵੋਂਗ ਨੇ ਸ਼ਨੀਵਾਰ ਨੂੰ ਕਿਹਾ ਕਿ ਉਨ੍ਹਾਂ ਦੇ ਦੇਸ਼ ਨੇ ਯੂਕ੍ਰੇਨ ਦੇ ਸਮਰਥਨ 'ਚ 55 ਰੂਸੀ ਲੋਕਾਂ ਅਤੇ 37 ਕਾਨੂੰਨੀ ਸੰਸਥਾਵਾਂ 'ਤੇ ਪਾਬੰਦੀਆਂ ਲਗਾਈਆਂ ਹਨ। ਵੋਂਗ ਨੇ ਕਿਹਾ,"ਅਸੀਂ ਦ੍ਰਿੜਤਾ ਨਾਲ ਯੂਕ੍ਰੇਨ ਦੀ ਪ੍ਰਭੂਸੱਤਾ ਅਤੇ ਖੇਤਰੀ ਅਖੰਡਤਾ ਦਾ ਸਮਰਥਨ ਕਰਦੇ ਹਾਂ... ਅੱਜ ਆਸਟ੍ਰੇਲੀਆਈ ਸਰਕਾਰ ਨੇ



55 ਵਿਅਕਤੀਆਂ 'ਤੇ ਵਿੱਤੀ ਪਾਬੰਦੀਆਂ ਅਤੇ ਯਾਤਰਾ ਪਾਬੰਦੀਆਂ ਅਤੇ 37 ਸੰਸਥਾਵਾਂ 'ਤੇ ਵਿੱਤੀ ਪਾਬੰਦੀਆਂ ਲਗਾਈਆਂ ਹਨ।"

ਵਿਦੇਸ਼ ਮੰਤਰਾਲਾ ਨੇ ਅੱਗੇ ਕਿਹਾ ਕਿ ਇਹ ਪਾਬੰਦੀਆਂ ਆਸਟਰੇਲੀਆਈ ਸਰਕਾਰ ਦੀ ਸਥਿਤੀ ਨੂੰ ਦਰਸਾਉਂਦੀਆਂ ਹਨ ਕਿ ਜੋ ਲੋਕ ਰੂਸ ਦੇ ਗੈਰ-ਕਾਨੂੰਨੀ ਯੁੱਧ ਦਾ ਸਮਰਥਨ ਕਰਦੇ ਹਨ ਉਨ੍ਹਾਂ ਨੂੰ ਨਤੀਜੇ ਭੁਗਤਣੇ ਪੈਣਗੇ। ਆਸਟ੍ਰੇਲੀਆ ਨੇ ਹੁਣ ਤੱਕ ਰੂਸ 'ਤੇ ਯੂਕ੍ਰੇਨ 'ਤੇ ਹਮਲੇ ਦੇ ਜਵਾਬ ਵਿੱਚ 1200 ਤੋਂ ਵੱਧ ਪਾਬੰਦੀਆਂ ਲਗਾਈਆਂ ਹਨ। ਉਥੇ ਹੀ ਸ਼ੁੱਕਰਵਾਰ ਨੂੰ ਅਮਰੀਕੀ ਸਰਕਾਰ ਨੇ ਰੂਸ 'ਤੇ 500 ਤੋਂ ਜ਼ਿਆਦਾ ਵਾਧੂ ਪਾਬੰਦੀਆਂ ਲਗਾਈਆਂ। ਅਮਰੀਕੀ ਪ੍ਰਸ਼ਾਸਨ ਅਨੁਸਾਰ, ਇਹ ਪਾਬੰਦੀਆਂ ਰੂਸ ਨੂੰ ਯੂਕ੍ਰੇਨ ਵਿੱਚ ਲਗਾਤਾਰ ਫੌਜੀ ਕਾਰਵਾਈਆਂ ਲਈ ਸਜ਼ਾ ਦੇਣ ਲਈ ਲਗਾਈਆਂ ਗਈਆਂ ਹਨ। ਅਮਰੀਕਾ ਨੇ ਪਿਛਲੇ ਹਫ਼ਤੇ ਰੂਸੀ ਵਿਰੋਧੀ ਨੇਤਾ ਅਲੈਕਸੀ ਨਵਲਨੀ ਦੀ ਜੇਲ੍ਹ ਵਿੱਚ ਹੋਈ ਮੌਤ ਨੂੰ ਲੈ ਕੇ 3 ਰੂਸੀ ਅਧਿਕਾਰੀਆਂ ਨੂੰ ਵੀ ਨਿਸ਼ਾਨਾ ਬਣਾਇਆ ਸੀ।

## ਪ੍ਰਧਾਨ ਮੰਤਰੀ ਮੋਦੀ ਨੇ ਗਗਨਯਾਨ ਦੇ 4 ਪੁਲਾੜ ਯਾਤਰੀਆਂ ਦੇ ਨਾਂਵਾਂ ਦਾ ਕੀਤਾ ਐਲਾਨ

ਨਵੀਂ ਦਿੱਲੀ, 27 ਫਰਵਰੀ (ਪੋਸਟ ਬਿਊਰੋ): ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਮੰਗਲਵਾਰ ਨੂੰ ਕੇਰਲ ਦੇ ਤਿਰੂਵਨੰਤਪੁਰਮ ਸਥਿਤ ਵਿਕਰਮ ਸਾਰਾਭਾਈ ਸਪੇਸ ਸੈਂਟਰ ਪਹੁੰਚੇ। ਇਸਰੋ ਦੇ ਮੁਖੀ ਐਸ ਸੋਮਨਾਥ ਵੀ ਉਨ੍ਹਾਂ ਦੇ ਨਾਲ ਮੌਜੂਦ ਸਨ। ਪ੍ਰਧਾਨ ਮੰਤਰੀ ਨੇ ਇੱਥੇ ਲਗਭਗ 1800 ਕਰੋੜ ਰੁਪਏ ਦੇ ਤਿੰਨ ਪੁਲਾੜ ਬੁਨਿਆਦੀ ਢਾਂਚਾ ਪ੍ਰੋਜੈਕਟਾਂ ਦਾ ਉਦਘਾਟਨ ਕੀਤਾ ਅਤੇ ਦੇਸ਼ ਦੇ ਪਹਿਲੇ ਮਾਨਵ ਪੁਲਾੜ ਮਿਸ਼ਨ ਗਗਨਯਾਨ ਦੀ ਸਮੀਖਿਆ ਕੀਤੀ।

ਇਸ ਦੌਰਾਨ ਪ੍ਰਧਾਨ ਮੰਤਰੀ ਨੇ ਕਿਹਾ ਕਿ ਕੁਝ ਸਮਾਂ ਪਹਿਲਾਂ ਦੇਸ਼ ਨੂੰ ਪਹਿਲੀ ਵਾਰ 4 ਗਗਨਯਾਨ ਯਾਤਰੀਆਂ ਨਾਲ ਜਾਣੂ ਹੋਇਆ ਸੀ। ਇਹ ਸਿਰਫ਼ 4 ਨਾਮ ਜਾਂ 4 ਵਿਅਕਤੀ ਨਹੀਂ ਹਨ, ਇਹ ਚਾਰ ਸ਼ਕਤੀਆਂ ਹਨ



ਜੋ 140 ਕਰੋੜ ਭਾਰਤੀਆਂ ਦੀਆਂ ਇੱਛਾਵਾਂ ਨੂੰ ਪੁਲਾੜ ਵਿੱਚ ਲਿਜਾਣ ਜਾ ਰਹੀਆਂ ਹਨ। 40 ਸਾਲਾਂ ਬਾਅਦ ਕੋਈ ਭਾਰਤੀ ਪੁਲਾੜ ਵਿੱਚ ਜਾ ਰਿਹਾ ਹੈ, ਪਰ ਇਸ ਵਾਰ ਸਮਾਂ ਸਾਡਾ ਹੈ, ਗਿਣਤੀ ਵੀ ਅਤੇ ਰਾਕੇਟ ਵੀ ਸਾਡਾ ਹੈ।

ਪ੍ਰਧਾਨ ਮੰਤਰੀ ਨੇ ਗਗਨਯਾਨ ਮਿਸ਼ਨ 'ਤੇ ਭੇਜੇ ਜਾਣ ਵਾਲੇ ਪੁਲਾੜ ਯਾਤਰੀਆਂ ਦੇ ਨਾਵਾਂ ਦਾ ਵੀ ਐਲਾਨ ਕੀਤਾ ਅਤੇ ਉਨ੍ਹਾਂ ਨੂੰ ਪੁਲਾੜ ਯਾਤਰੀਆਂ ਦੇ ਖੰਭ ਦਿੱਤੇ। ਗਗਨਯਾਨ ਮਿਸ਼ਨ 'ਤੇ ਜਿਨ੍ਹਾਂ ਪੁਲਾੜ ਯਾਤਰੀਆਂ ਨੂੰ ਭੇਜਿਆ ਜਾਵੇਗਾ, ਉਨ੍ਹਾਂ 'ਚ ਗਰੁੱਪ ਕੈਪਟਨ ਪ੍ਰਸ਼ਾਂਤ ਬਾਲਕ੍ਰਿਸ਼ਨਨ ਨਾਇਰ, ਗਰੁੱਪ ਕੈਪਟਨ ਅਜੀਤ ਕ੍ਰਿਸ਼ਨਨ, ਗਰੁੱਪ ਕੈਪਟਨ ਅੰਗਦ ਪ੍ਰਤਾਪ ਅਤੇ ਵਿੰਗ ਕਮਾਂਡਰ ਸ਼ੁਭਾਂਸ਼ੂ ਸ਼ੁਕਲਾ ਸ਼ਾਮਿਲ ਹਨ। ਇਨ੍ਹਾਂ ਚਾਰਾਂ ਨੂੰ ਰੂਸ ਵਿਚ ਸਿਖਲਾਈ ਦਿੱਤੀ ਗਈ ਹੈ।

## ਟੋਰਾਂਟੋ ਵਿੱਚ ਚੱਲੀ ਗੋਲੀ, 2 ਹਲਾਕ



ਟੋਰਾਂਟੋ, 27 ਫਰਵਰੀ (ਪੋਸਟ ਬਿਊਰੋ) : ਮੰਗਲਵਾਰ ਨੂੰ ਤੜ੍ਹਕੇ ਟੋਰਾਂਟੋ ਦੇ ਵੈਸਟਨ ਇਲਾਕੇ ਵਿੱਚ ਚੱਲੀ ਗੋਲੀ ਕਾਰਨ ਦੋ ਵਿਅਕਤੀ ਮਾਰੇ ਗਏ। ਪੁਲਿਸ ਮਸ਼ਕੂਕਾਂ ਦੀ ਭਾਲ ਕਰ ਰਹੀ ਹੈ।

ਗੋਲੀਆਂ ਚੱਲਣ ਦੀਆਂ ਖਬਰਾਂ ਦੇ ਕੇ ਮੰਗਲਵਾਰ ਸਵੇਰੇ 4:40 ਦੇ ਨੇੜੇ ਤੇੜੇ ਵੈਸਟਨ ਰੋਡ ਤੇ ਲਾਅਰੈਂਸ ਐਵਨਿਊ ਵੈਸਟ ਨੇੜੇ ਹਿਕੋਰੀ ਟਰੀ ਰੋਡ ਉੱਤੇ ਐਮਰਜੰਸੀ ਅਮਲੇ ਨੂੰ ਸੱਦਿਆ ਗਿਆ। ਪੁਲਿਸ ਨੇ ਦੱਸਿਆ ਕਿ ਦੋ ਪੁਰਸ਼ ਜਿਨ੍ਹਾਂ ਵਿੱਚੋਂ ਇੱਕ ਆਪਣੇ 20ਵਿਆਂ ਤੇ ਦੂਜਾ ਆਪਣੇ 30ਵਿਆਂ ਵਿੱਚ ਸੀ, ਜ਼ਖ਼ਮੀ ਹਾਲਤ ਵਿੱਚ ਸੜਕ ਉੱਤੇ ਪਏ ਮਿਲੇ। ਦੋਵਾਂ ਵਿਅਕਤੀਆਂ ਨੂੰ ਹਸਪਤਾਲ ਲਿਜਾਇਆ ਗਿਆ ਜਿੱਥੇ ਉਨ੍ਹਾਂ ਨੂੰ ਮ੍ਰਿਤਕ ਐਲਾਨ ਦਿੱਤਾ ਗਿਆ।

ਟੋਰਾਂਟੋ ਦੇ ਪੁਲਿਸ ਡਿਟੈਕਟਿਵ ਸਾਰਜੈਂਟ ਐਰਨ ਐਕਸਨ ਵੱਲੋਂ ਇਸ ਗੱਲ ਦੀ ਪੁਸ਼ਟੀ ਕੀਤੀ ਗਈ ਕਿ ਇਸ ਇਲਾਕੇ ਵਿੱਚ ਰਿਹਾਇਸ਼ੀ ਇਮਾਰਤ ਦੇ ਬਾਹਰ ਦੋ ਵਿਅਕਤੀਆਂ ਨੂੰ ਗੋਲੀ ਮਾਰੀ ਗਈ ਪਰ ਉਨ੍ਹਾਂ ਇਹ ਨਹੀਂ ਦੱਸਿਆ ਕਿ ਇਸ ਕਾਰੇ ਨੂੰ ਕਿਸ ਵੱਲੋਂ ਅੰਜਾਮ ਦਿੱਤਾ ਗਿਆ। ਇਸ ਇਲਾਕੇ ਵਿੱਚ ਰਹਿਣ ਵਾਲੇ ਲੋਕਾਂ ਨੇ ਦੱਸਿਆ ਕਿ ਘੱਟੋ ਘੱਟ ਦਰਜਨ ਗੋਲੀਆਂ ਚੱਲਣ ਦੀਆਂ ਆਵਾਜ਼ਾਂ ਉਨ੍ਹਾਂ ਨੂੰ ਸੁਣਾਈ ਦਿੱਤੀਆਂ। ਜਿੱਥੇ ਇਹ ਗੋਲੀਕਾਂਡ ਵਾਪਰਿਆ ਉੱਥੇ ਗੋਲੀਆਂ ਦੇ ਕਈ ਖੋਲ ਪੁਲਿਸ ਨੂੰ ਮਿਲੇ। ਮਸ਼ਕੂਕਾਂ ਬਾਰੇ ਅਜੇ ਕੋਈ ਜਾਣਕਾਰੀ ਸਾਂਝੀ ਨਹੀਂ ਕੀਤੀ ਗਈ ਹੈ।

## ਲਾਹੌਰ 'ਚ ਭੀੜ ਵੱਲੋਂ ਇੱਕ ਔਰਤ 'ਤੇ ਹਮਲਾ ਕਰਨ ਦੀ ਕੋਸ਼ਿਸ਼, ਔਰਤ ਨੇ ਡਿਜ਼ੀਟਲ ਪ੍ਰਿੰਟ ਵਾਲੇ ਪਾਏ ਸਨ ਕੱਪੜੇ

ਲਾਹੌਰ, 27 ਫਰਵਰੀ (ਪੋਸਟ ਬਿਊਰੋ): ਪਾਕਿਸਤਾਨ ਦੇ ਲਾਹੌਰ 'ਚ ਭੀੜ ਵੱਲੋਂ ਇੱਕ ਔਰਤ 'ਤੇ ਹਮਲਾ ਕਰਨ ਦੀ ਕੋਸ਼ਿਸ਼ ਦਾ ਮਾਮਲਾ ਸਾਹਮਣੇ ਆਇਆ ਹੈ। ਦਰਅਸਲ ਔਰਤ ਦੇ ਕੱਪੜਿਆਂ 'ਤੇ ਕੁਝ ਅਰਬੀ ਸ਼ਬਦ ਲਿਖੇ ਹੋਏ ਸਨ। ਲੋਕਾਂ ਨੇ ਇਨ੍ਹਾਂ ਸ਼ਬਦਾਂ ਨੂੰ ਕੁਰਾਨ ਦੀਆਂ ਆਇਤਾਂ ਸਮਝ ਲਿਆ। ਇਸ ਤੋਂ ਬਾਅਦ ਭੀੜ ਨੇ ਔਰਤ ਨੂੰ ਮਾਰਨ ਦੀ ਕੋਸ਼ਿਸ਼ ਕੀਤੀ। ਭੀੜ ਦਾ ਕਹਿਣਾ ਸੀ ਕਿ ਔਰਤ ਦੇ ਕੱਪੜਿਆਂ 'ਤੇ ਕੁਰਾਨ ਦੀਆਂ ਪਵਿੱਤਰ ਆਇਤਾਂ ਲਿਖੀਆਂ ਹੋਈਆਂ ਹਨ। ਇਹ ਇਸਲਾਮ ਧਰਮ ਦਾ ਮਜ਼ਾਕ ਹੈ। ਔਰਤ ਨੇ ਈਸ਼ਨਿੰਦਾ ਕੀਤੀ ਹੈ, ਜਿਸ ਲਈ ਉਸ ਨੂੰ ਮੌਤ ਦੀ ਸਜ਼ਾ ਦਿੱਤੀ ਜਾਣੀ ਚਾਹੀਦੀ ਹੈ। ਮਾਮਲੇ ਦੀ ਸੂਚਨਾ ਮਿਲਦੇ ਹੀ ਪੁਲਸ ਮੌਕੇ 'ਤੇ ਪਹੁੰਚ ਗਈ। ਸਈਦਾ ਸ਼ਾਹਰਾ-



ਬਾਨੋ ਨਕਵੀ ਨੇ ਔਰਤ ਨੂੰ ਭੀੜ ਤੋਂ ਬਚਾਇਆ। ਸਈਦਾ ਨੇ ਕਿਹਾ ਔਰਤ ਨੇ ਜਿਹੜੇ ਕੱਪੜੇ ਪਾਏ ਹੋਏ ਸਨ, ਉਸ 'ਤੇ ਅਰਬੀ ਦੇ ਸਾਧਾਰਨ ਸ਼ਬਦ ਲਿਖੇ ਹੋਏ ਸਨ। ਇਸ ਵਿੱਚ ਕੁਰਾਨ ਦੀ ਕੋਈ ਆਇਤ ਨਹੀਂ ਲਿਖੀ ਹੋਈ ਸੀ। ਹਾਲਾਂਕਿ ਮਾਮਲਾ ਸ਼ਾਂਤ ਹੋਣ ਤੋਂ ਬਾਅਦ ਪੀੜਤ ਔਰਤ ਨੇ ਮੌਲਵੀਆਂ ਦੇ ਸਾਹਮਣੇ ਮੁਆਫੀ ਮੰਗ ਲਈ।

SUPER VISA INSURANCE EXPERTS
Punjab Insurance Inc
RANJIT GILL
Insurance Advisor
Ph: 416.724.5000
- Disability Insurance
- Mortgage Insurance
- Life Insurance
- Visitor & Travel Insurance
- RESP(Education Plan)
- Critical Illness Insurance
7003 Steeles Ave. W, Unit 10, Etobicoke, ON, M9W 0A2
gill@punjabinsurance.ca | topinsuranceservices.ca

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
Aman Sharma
25 Cherrycrest Drive, Unit # 6
Brampton, ON, L6P 3W4
Open Saturday
Providing excellent quality legal services to our clients

PEST PROBLEM ?
Residential & Commercial
All Pest Control
100% Customer Satisfaction
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill
Certified & Licenced Exterminator

HELPING YOU PLAN TODAY...FOR TOMORROW
- Supervisa / Visitor Insurance
- Life /Mortgage/Funeral Insurance
- Disability Insurance
- Critical Illness Insurance
- RESP /RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovarid Dr. W. Brampton, ON L6X0T9 | www.ufsinsurance.com

MagGas Medical Brampton
MGM
MAGGAS MEDICAL INC.
Helping you breathe deep and rest easy.
(647) 954-9885
20 Maritime Ont Blvd Unit 15
Brampton, ON L6S 0C2

A-One Drivers
TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
ਫਰੀ ਪਿਕਅਪ
Best Rates For Lessons
] ਮੁਫਤ ਪਿਕਅਪ ਅਤੇ ਡਰਾਪ ਆਫ਼
] ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਊਂਟ ਸਰਟੀਫਿਕੇਟ
] ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
] ਵਾਜਿਬ ਕੀਮਤ
ਲੇਡੀਜ਼ ਇੰਸਟ੍ਰਕਟਰ
647-998-7500 ਬਲਵਿੰਦਰ

KELLEY LAW OFFICE
Immigration | Real Estate
Family Law | Business Closing
Corporate | Wills & Estate
Power of Attorney/Affidavit /Attestations
www.kelleylawoffice.ca | info@kelleylawoffice.ca
1200 Derry Road E, #15, Mississauga, ON L5T 0B3
Shinder Kelley
905-362-0755

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available 1888 864 3131
Jasbir Singh Hundal
Qualified Credit Counsellor
www.MakeMeDebtFree.ca 416-502-3100 Unit #20 - 7015 Tranmere Drive Mississauga, ON L5S 1T7

Royal Pest Control
Residential Commercial Industrial
Specialist in Bedbugs Service
All Pest Control :
- Mouse & Rats - Spiders & Fleas - Bedbugs - Wasps
- Cockroaches - Carpenter Ants - Silver Fish - Racoons
Call : PARESH PATEL
416 938 4598

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
A-Z Pest Control Inc.
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
Avon Financial
Brokerage Lic. 12538
Harpreet Singh Goraya
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
- Real Estate Law - Business Law
- Wills & Estates - Family Law
- Power of Attorney - Civil Litigation
- Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

## ਅੱਜ ਨਾਮਾ

ਚੰਡੀਗੜ੍ਹ ਚੋਣ ਦਾ ਪਿਆ ਹੈ ਅਜੇ ਰੱਫੜ,
ਮਿਥੀ ਗਈ ਨਵੀਂ ਆ ਹੋਰ ਤਰੀਕ ਬੇਲੀ।
ਘੱਟ ਨਾ ਭਾਜਪਾ ਤੇ ਨਾਹੀ ਵਿਰੋਧ ਵਾਲੇ,
ਹਰ ਥਾਂ ਸਿੱਝਣ ਲਈ ਖੜੇ ਸ਼ਰੀਕ ਬੇਲੀ।
ਮੁੜ-ਮੁੜ ਜਾਣ ਅਦਾਲਤੇ ਭਾਲ ਨੁਕਤਾ,
ਪਕੜ ਰਹੇ ਗੱਲ ਆ ਹਰ ਬਾਰੀਕ ਬੇਲੀ।
ਬਣ ਗਿਆ ਭੇੜ ਹੈ ਭਾਜਪਾ-ਆਪ ਵਾਲਾ,
ਕਾਂਗਰਸ ਬਣੀ ਪਈ ਤੀਜਾ ਫਰੀਕ ਬੇਲੀ।
ਸਾਊ ਲੋਕਾਂ ਦਾ ਚੰਡੀਗੜ੍ਹ ਨਗਰ ਕਹਿੰਦੇ,
ਰੁਲੇ ਪਏ ਏਥੇ ਨੇ ਨਿਯਮ-ਅਸੂਲ ਬੇਲੀ।
ਪਛੜੇ ਇਲਾਕਿਆਂ ਵੰਨੀਂ ਕੀ ਹੋਊ ਹੁੰਦਾ,
ਉਹਦੀ ਤਾਂ ਗੱਲ ਵੀ ਕਰਨ ਫਜ਼ੂਲ ਬੇਲੀ।

**ਤੀਸ ਮਾਰ ਖਾਂ**

# ਆਸਟ੍ਰੇਲੀਆ ਵਿਚ ਭਾਰੀ ਮੀਂਹ ਤੋਂ ਬਾਅਦ ਜਨਜੀਵਨ ਪ੍ਰਭਾਵਿਤ



ਕੁਈਨਜ਼ਲੈਂਡ, 27 ਫਰਵਰੀ (ਪੋਸਟ ਬਿਊਰੋ): ਆਸਟ੍ਰੇਲੀਆਈ ਸੂਬੇ ਕੁਈਨਜ਼ਲੈਂਡ ਦੇ ਕੁਝ ਹਿੱਸੇ ਉੱਤਰ ਵਿੱਚ ਭਿਆਨਕ ਮੌਸਮ ਦੇ ਬਾਅਦ ਅਚਾਨਕ ਆਏ ਹੜ੍ਹ ਨਾਲ ਜੂਝ ਰਹੇ ਹਨ। ਇੱਥੇ ਕਈ ਖੇਤਰਾਂ ਵਿੱਚ ਹੜ੍ਹ ਦੀਆਂ ਚਿਤਾਵਨੀਆਂ ਜਾਰੀ ਕੀਤੀਆਂ ਗਈਆਂ ਹਨ। ਇੱਕ ਰਾਤ ਨਮੀ ਵਾਲੇ ਮੌਸਮ ਤੋਂ ਬਾਅਦ ਅਚਾਨਕ ਆਏ ਹੜ੍ਹ ਨੇ ਉੱਤਰੀ ਕੁਈਨਜ਼ਲੈਂਡ ਵਿੱਚ ਕਾਰੋਬਾਰਾਂ, ਘਰਾਂ ਅਤੇ ਪ੍ਰਮੁੱਖ ਹਾਈਵੇਅ ਨੂੰ ਪ੍ਰਭਾਵਿਤ ਕੀਤਾ ਹੈ। ਜ਼ਿਆਦਾਤਰ ਲੋਕ ਪਾਵਰ ਕੱਟ ਦਾ ਸਾਹਮਣਾ ਕਰ ਰਹੇ ਹਨ।

ਕੱਲ੍ਹ ਉੱਤਰੀ ਕੁਈਨਜ਼ਲੈਂਡ ਵਿੱਚ ਟੂਲੀ ਨੇੜੇ 300 ਮਿਲੀਮੀਟਰ ਤੋਂ ਵੱਧ ਮੀਂਹ ਰਿਕਾਰਡ ਕੀਤਾ ਗਿਆ, ਜਦੋਂ ਕਿ ਅੱਜ ਖੇਤਰ ਵਿੱਚ ਹੋਰ ਮੀਂਹ ਅਤੇ ਸੰਭਾਵਿਤ ਹੜ੍ਹਆਉਣ ਦੀ ਭਵਿੱਖਬਾਣੀ ਕੀਤੀ ਗਈ ਹੈ। ਬੀ.ਓ.ਐਮ ਦੇ ਸੀਨੀਅਰ ਮੌਸਮ ਵਿਗਿਆਨੀ ਐਂਗਸ ਹਾਇਨਸ ਅਨੁਸਾਰ ਪਿਛਲੇ 24 ਘੰਟਿਆਂ ਵਿੱਚ ਸਭ ਤੋਂ ਭਾਰੀ ਬਾਰਸ਼ ਵਾਈਡ ਬੇ ਬਰਨੇਟ ਵਿੱਚ ਹੋਈ, ਜਿੱਥੇ 100 ਮਿਲੀਮੀਟਰ ਜਾਂ ਇਸ ਤੋਂ ਵੱਧ ਦੀ ਸਥਾਨਕ ਬਾਰਿਸ਼ ਹੋਈ। ਉਸ ਨੇ ਕਿਹਾ ਕਿ ਗਰਮ ਖੰਡੀ ਖੇਤਰ ਵਿੱਚ ਕੁਝ ਹੋਰ ਤੂਫਾਨ ਆਉਣਗੇ।

ਕਾਰਪੇਂਟੇਰੀਆ ਦੇ ਸ਼ਾਇਰ ਵਿੱਚ ਵਾਕਰਸ ਬੈਂਡ ਵਿਖੇ ਫਲਿੰਡਰਜ਼ ਨਦੀ ਅਤੇ ਬਰਕੇਟਾਊਨ ਵਿਖੇ ਨਿਕੋਲਸਨ ਅਤੇ ਲੀਚਹਾਰਡ ਨਦੀਆਂ ਲਈ ਹੜ੍ਹ ਚਿਤਾਵਨੀਆਂ ਜਾਰੀ ਕੀਤੀਆਂ। ਅਧਿਕਾਰੀਆਂ ਨੇ ਚਿਤਾਵਨੀ ਦਿੱਤੀ ਕਿ ਇਨ੍ਹਾਂ ਖੇਤਰਾਂ ਵਿੱਚ ਅਚਾਨਕ ਹੜ੍ਹ ਆ ਸਕਦੇ ਹਨ। ਆਇਰ ਕ੍ਰੀਕ, ਡਾਇਮੈਨਟੀਨਾ ਨਦੀ ਅਤੇ ਤੁਲੀ ਅਤੇ ਮੁਰੇ ਨਦੀਆਂ ਲਈ ਦਰਮਿਆਨੀ ਹੜ੍ਹ ਦੀਆਂ ਚਿਤਾਵਨੀਆਂ ਵੀ ਹਨ।

# ਪੰਜਾਬ ਸਰਕਾਰ ਵੱਲੋਂ ਵਾਜਬ ਦਰਾਂ ’ਤੇ ਰੇਤ ਮੁਹੱਈਆ ਕਰਵਾਉਣ ਲਈ ਖੋਲ੍ਹੀਆਂ ਜਾਣਗੀਆਂ 12 ਹੋਰ ਜਨਤਕ ਖੱਡਾਂ

**ਮੋਗਾ ਸਮੇਤ ਪੰਜ ਜ਼ਿਲ੍ਹਿਆਂ ਵਿੱਚ 28 ਫਰਵਰੀ ਨੂੰ ਜਨਤਕ ਰੇਤ ਖੱਡਾਂ ਕੀਤੀਆਂ ਜਾਣਗੀਆਂ ਲੋਕਾਂ ਨੂੰ ਸਮਰਪਿਤ**

ਮੋਗਾ, 27 ਫਰਵਰੀ (ਪੋਸਟ ਬਿਊਰੋ): ਸੂਬਾ ਵਾਸੀਆਂ ਨੂੰ ਵਾਜਬ ਦਰਾਂ ‘ਤੇ ਰੇਤ ਮੁਹੱਈਆ ਕਰਾਉਣਾ ਯਕੀਨੀ ਬਣਾਉਣ ਲਈ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਮੋਗਾ ਸਮੇਤ ਵੱਖ-ਵੱਖ ਜ਼ਿਲ੍ਹਿਆਂ ਵਿੱਚ 12 ਹੋਰ ਜਨਤਕ ਰੇਤ ਖੱਡਾਂ ਖੋਲ੍ਹਣ ਦਾ ਫੈਸਲਾ ਕੀਤਾ ਗਿਆ ਹੈ।

ਸਰਕਾਰੀ ਬੁਲਾਰੇ ਨੇ ਅੱਜ ਇੱਥੇ ਦੱਸਿਆ ਕਿ ਚੌਥੇ ਅਤੇ ਪੰਜਵੇਂ ਪੜਾਅ ਤਹਿਤ ਪੰਜਾਬ ਦੇ ਖਣਨ ਅਤੇ ਭੂ-ਵਿਗਿਆਨ ਮੰਤਰੀ ਚੇਤਨ ਸਿੰਘ ਜੌੜਾਮਾਜਰਾ 28 ਫਰਵਰੀ ਨੂੰ ਪੰਜ ਜ਼ਿਲ੍ਹਿਆਂ ਫਿਰੋਜਪੁਰ, ਐਸ.ਬੀ.ਐਸ. ਨਗਰ, ਅੰਮ੍ਰਿਤਸਰ, ਮੋਗਾ ਅਤੇ ਜਲੰਧਰ ਵਿੱਚ 12 ਨਵੀਆਂ ਜਨਤਕ ਰੇਤ ਖੱਡਾਂ ਲੋਕਾਂ ਨੂੰ ਸਮਰਪਿਤ ਕਰਨਗੇ।

ਦੱਸ ਦੇਈਏ ਕਿ ਆਮ ਲੋਕਾਂ ਵੱਲੋਂ ਜਨਤਕ ਰੇਤ ਖੱਡਾਂ ਖੋਲ੍ਹਣ ਦੀ ਮੁਹਿੰਮ ਨੂੰ ਭਰਵਾਂ ਹੁੰਗਾਰਾ ਦਿੱਤਾ ਗਿਆ ਹੈ ਅਤੇ ਇਸ ਸਮੇਂ ਵੱਖ-ਵੱਖ ਜ਼ਿਲ੍ਹਿਆਂ ਵਿੱਚ ਕੁੱਲ 60 ਜਨਤਕ ਖੱਡਾਂ ਚਲ ਰਹੀਆਂ ਹਨ। ਆਮ ਲੋਕਾਂ ਨੂੰ ਹੁਣ ਤੱਕ 5.50 ਰੁਪਏ ਪ੍ਰਤੀ ਕਿਊਬਿਕ ਫੁੱਟ ਦੇ ਹਿਸਾਬ ਨਾਲ 15.90 ਲੱਖ ਮੀਟ੍ਰਿਕ ਟਨ ਰੇਤ ਪ੍ਰਦਾਨ ਕੀਤੀ ਜਾ ਚੁੱਕੀ ਹੈ, ਜੋ ਇਸ ਪਹਿਲਕਦਮੀ ਦੀ ਸਾਨਦਾਰ ਸਫਲਤਾ ਨੂੰ ਦਰਸਾਉਂਦੀ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਇਸ ਵੱਕਾਰੀ ਉਪਰਾਲੇ ਦਾ ਉਦੇਸ ਲੋਕਾਂ ਨੂੰ ਕਿਫ਼ਾਇਤੀ ਦਰਾਂ ‘ਤੇ ਰੇਤ ਮੁਹੱਈਆ ਕਰਵਾਉਣਾ ਹੈ। ਖਣਨ ਅਤੇ ਭੂ-ਵਿਗਿਆਨ ਵਿਭਾਗ ਵੱਲੋਂ ਸ਼ਨਾਖਤ ਕੀਤੀਆਂ ਗਈਆਂ ਨਵੀਆਂ ਜਨਤਕ ਰੇਤ ਖੱਡਾਂ ਦੇ ਉਦਘਾਟਨ ਨਾਲ ਇਨ੍ਹਾਂ ਖੱਡਾਂ ਦੀ ਕੁੱਲ ਗਿਣਤੀ 72 ਹੋ ਜਾਵੇਗੀ, ਜਿਸ ਨਾਲ ਆਮ ਲੋਕਾਂ ਨੂੰ ਵਧੇਰੇ ਲਾਭ ਮਿਲੇਗਾ।

ਬੁਲਾਰੇ ਨੇ ਅੱਗੇ ਦੱਸਿਆ ਕਿ ਇਨ੍ਹਾਂ ਜਨਤਕ ਰੇਤ ਖੱਡਾਂ ਦੀ ਮਦਦ ਨਾਲ ਵੱਡੀ ਪੱਧਰ ‘ਤੇ ਆਮ ਲੋਕ ਖੁਦ ਰੇਤ ਦੀ ਖੁਦਾਈ ਕਰਕੇ ਵੇਚ ਸਕਦੇ ਹਨ, ਜਿਸ ਨਾਲ ਬਾਜਾਰ ਵਿੱਚ ਰੇਤ ਦੀ ਸਪਲਾਈ ਵਧੇਗੀ ਅਤੇ ਰੇਤ ਦੇ ਮਾਰਕੀਟ ਰੇਟ ਵੀ ਘਟਣਗੇ।

ਜ਼ਿਕਰਯੋਗ ਹੈ ਕਿ ਆਮ ਲੋਕਾਂ ਨੂੰ ਸਸਤੀਆਂ ਦਰਾਂ ‘ਤੇ ਰੇਤ ਮੁਹੱਈਆ ਕਰਵਾਉਣ ਲਈ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਵੱਲੋਂ ਪਹਿਲੇ ਪੜਾਵਾਂ ਤਹਿਤ 10 ਜ਼ਿਲ੍ਹਿਆਂ ਵਿੱਚ ਜਨਤਕ ਰੇਤ ਖੱਡਾਂ ਦਾ ਉਦਘਾਟਨ ਕੀਤਾ ਜਾ ਚੁੱਕਾ ਹੈ।

# ਖਨੌਰੀ ਬਾਰਡਰ ’ਤੇ ਇੱਕ ਹੋਰ ਕਿਸਾਨ ਦੀ ਮੌਤ



ਚੰਡੀਗੜ੍ਹ, 27 ਫਰਵਰੀ (ਪੋਸਟ ਬਿਊਰੋ): ਖਨੌਰੀ ਬਾਰਡਰ ’ਤੇ ਅੰਦੋਲਨ ਦੌਰਾਨ ਇੱਕ ਹੋਰ ਕਿਸਾਨ ਦੀ ਮੌਤ ਹੋ ਗਈ ਹੈ। ਮਿਲੀ ਜਾਣਕਾਰੀ ਮੁਤਬਕ ਮੰਗਲਵਾਰ ਨੂੰ ਧਰਨੇ ਦੌਰਾਨ ਪਟਿਆਲਾ ਦੇ ਰਹਿਣ ਵਾਲੇ ਕਰਨੈਲ ਸਿੰਘ (50) ਦੀ ਸਿਹਤ ਵਿਗੜ ਗਈ। ਹਸਪਤਾਲ ਵਿੱਚ ਇਲਾਜ ਦੌਰਾਨ ਉਕਤ ਕਿਸਾਨ ਦੀ ਮੌਤ ਹੋ ਗਈ। ਜਿਕਰਯੋਗ ਹੈ ਕਿ 15 ਦਿਨਾਂ ਤੋਂ ਚੱਲ ਰਹੇ ਅੰਦੋਲਨ ਦੌਰਾਨ ਇਹ 8ਵੀਂ ਮੌਤ ਹੈ। ਇਸਦੇ ਨਾਲ ਹੀ ਤਿੰਨ ਪੁਲਿਸ ਮੁਲਾਜ਼ਮਾਂ ਦੀ ਮੌਤ ਹੋਈ ਹੈ। ਹਰਿਆਣਾ ‘ਚ ਬਾਰਡਰ ‘ਤੇ ਸੜਕਾਂ ਖੋਲ੍ਹੀਆਂ ਜਾ ਰਹੀਆਂ ਹਨ। ਅੱਜ ਕਿਸਾਨ ਮਜ਼ਦੂਰ ਮੋਰਚਾ ਅਤੇ ਸੰਯੁਕਤ ਕਿਸਾਨ ਮੋਰਚਾ (ਗੈਰ-ਸਿਆਸੀ) ਦਿੱਲੀ ਮਾਰਚ ‘ਤੇ ਚਰਚਾ ਕਰਨਗੇ। ਅੰਤਿਮ ਫੈਸਲਾ ਭਲਕੇ 28 ਫਰਵਰੀ ਨੂੰ ਲਿਆ ਜਾਵੇਗਾ।

# ਯੂਪੀ ਵਿਚ ਸ਼ਾਹਜਹਾਂਪੁਰ ਪ੍ਰੀਖਿਆ ਦੇਣ ਜਾ ਰਹੇ 4 ਵਿਦਿਆਰਥੀਆਂ ਦੀ ਸੜਕ ਹਾਦਸੇ ਵਿਚ ਮੌਤ



ਨਵੀਂ ਦਿੱਲੀ, 27 ਫਰਵਰੀ (ਪੋਸਟ ਬਿਊਰੋ): ਯੂਪੀ ਦੇ ਸ਼ਾਹਜਹਾਂਪੁਰ ਜ਼ਿਲ੍ਹੇ ਵਿਚ ਮੰਗਲਵਾਰ ਸਵੇਰੇ ਇੱਕ ਕਾਰ ਦਰੱਖਤ ਨਾਲ ਟਕਰਾ ਗਈ ਜਿਸ ਕਾਰਨ ਦੋ ਵਿਦਿਆਰਥਣਾਂ ਸਮੇਤ ਚਾਰ ਵਿਦਿਆਰਥੀਆਂ ਦੀ ਮੌਤ ਹੋ ਗਈ ਅਤੇ ਛੇ ਹੋਰ ਗੰਭੀਰ ਜ਼ਖ਼ਮੀ ਹੋ ਗਏ। ਇਹ ਸਾਰੇ 10ਵੀਂ ਬੋਰਡ ਦੀ ਪ੍ਰੀਖਿਆ ਦੇਣ ਜਾ ਰਹੇ ਸਨ। ਇਕ ਪੁਲਸ ਅਧਿਕਾਰੀ ਨੇ ਇਹ ਜਾਣਕਾਰੀ ਦਿੱਤੀ।

ਉਨ੍ਹਾਂ ਦੱਸਿਆ ਕਿ ਥਾਣਾ ਕੈਂਟ ਖੇਤਰ ਦੇ ਪਿੰਡ ਬਰਿੰਦਰਾ ਵਾਸੀ 10 ਵਿਦਿਆਰਥੀ ਅੱਜ ਸਵੇਰੇ 10ਵੀਂ ਜਮਾਤ ਦੇ ਗਣਿਤ ਦੀ ਪ੍ਰੀਖਿਆ ਦੇਣ ਲਈ ਜੈਤੀਪੁਰ ਸਥਿਤ ਸਕੂਲ ਵਿੱਚ ਕਾਰ (ਈਕੋ) ਵਿੱਚ ਸਵਾਰ ਹੋ ਕੇ ਜਾ ਰਹੇ ਸਨ।

ਵਧੀਕ ਪੁਲਿਸ ਸੁਪਰਡੈਂਟ (ਸਿਟੀ) ਸੰਜੇ ਕੁਮਾਰ ਨੇ ਦੱਸਿਆ ਕਿ ਜਲਾਲਾ-ਬਾਦ-ਸ਼ਾਹਜਹਾਨਪੁਰ ਰੋਡ 'ਤੇ ਜਰਵਾਨ ਪਿੰਡ ਨੇੜੇ ਕਾਰ ਦਾ ਟਾਇਰ ਫਟ ਗਿਆ ਅਤੇ ਇਹ ਬੇਕਾਬੂ ਹੋ ਕੇ ਦਰੱਖਤ ਨਾਲ ਟਕਰਾ ਕੇ ਟੋਏ 'ਚ ਪਲਟ ਗਈ।

ਕੁਮਾਰ ਨੇ ਦੱਸਿਆ ਕਿ ਅਨੁਰਾਗ ਕੁਸ਼ਵਾਹਾ (15), ਅਨੁਰਾਗ ਸ਼੍ਰੀਵਾਸਤਵ (14), ਪ੍ਰਤਿਸ਼ਠਾ ਮਿਸ਼ਰਾ (15) ਦੀ ਮੌਕੇ 'ਤੇ ਹੀ ਮੌਤ ਹੋ ਗਈ ਜਦਕਿ ਮੋਹਨੀ ਮੌਰਿਆ (16) ਨੂੰ ਮੈਡੀਕਲ ਕਾਲਜ ਪਹੁੰਚਣ 'ਤੇ ਮ੍ਰਿਤਕ ਐਲਾਨ ਦਿੱਤਾ ਗਿਆ।

# Simplii Financial ਨੇ ਦਿਲਜੀਤ ਦੋਸਾਂਝ ਨੂੰ ਨਵਾਂ ਬ੍ਰਾਂਡ ਅੰਬੈਸਡਰ ਨਿਯੁਕਤ ਕੀਤਾ

**ਵਿਸ਼ਵ-ਵਿਆਪੀ ਸੈਲੀਬ੍ਰਿਟੀ ਨੇ ਆਉਣ ਵਾਲੇ ਨਵੇਂ ਲੋਕਾਂ ਲਈ ਕੈਨੇਡਾ ਦੇ ਪਸੰਦੀਦਾ ਬੈਂਕ ਦੇ ਰੂਪ ਵਿੱਚ ਆਪਣੀ ਸਥਿਤੀ ਦੀ ਪੁਸ਼ਟੀ ਕਰਨ ਲਈ ਨਾਲ ਸਾਂਝੇਦਾਰੀ ਕੀਤੀ ਹੈ**




ਟੋਰਾਂਟੋ, 27 ਫਰਵਰੀ (ਪੋਸਟ ਬਿਊਰੋ): ਬੀਤੇ ਦਿਨੀਂ Simplii Financial ਨੇ ਸੰਗੀਤ ਅਤੇ ਫਿਲਮ ਸਟਾਰ ਦਿਲਜੀਤ ਦੋਸਾਂਝ ਨਾਲ ਇੱਕ ਨਵੇਂ ਰਾਜਦੂਤ ਸਮਝੌਤੇ ਦਾ ਐਲਾਨ ਕੀਤਾ ਹੈ। ਦੋਸਾਂਝ ਇੱਕ ਵਿਸ਼ਵ-ਵਿਆਪੀ ਵਰਤਾਰਾ ਬਣ ਗਿਆ ਹੈ - ਇੱਕ ਗਾਇਕ, ਅਭਿਨੇਤਾ ਅਤੇ ਨਿਰਮ-ਾਤਾ, ਜਿਸਨੂੰ ਹੁਣ ਤੱਕ ਦੀਆਂ ਕੁਝ ਸਭ ਤੋਂ ਵੱਧ ਕਮਾਈ ਕਰਨ ਵਾਲੀਆਂ ਪੰਜਾਬੀ ਫਿਲਮਾਂ ਦਾ ਸਿਹਰਾ ਦਿੱਤਾ ਗਿਆ ਹੈ।

“ਦਿਲਜੀਤ ਦੀ ਕਹਾਣੀ ਆਸ਼ਾਵਾਦ, ਉਮੀਦ ਅਤੇ ਪਲ ਨੂੰ ਸੰਭਾਲਣ ਵਾਲੀ ਹੈ। ਇਹ ਉਹ ਕਹਾਣੀ ਹੈ, ਜਿਸ ਨਾਲ ਬਹੁਤ ਸਾਰੇ ਨਵੇਂ ਕੈਨੇਡੀਅਨ ਲੋਕ ਸੰਬੰਧਿਤ ਹੋ ਸਕਦੇ ਹਨ, ”ਕਮ ਧਦਵਾਰ, ਮੈਨੇਜਿੰਗ ਡਾਇਰੈਕਟਰ, Simplii Financial ਨੇ ਕਿਹਾ। "ਉਸਦੀ ਮਦਦ ਨਾਲ, ਵਧੇਰੇ ਗਾਹਕ ਆਪਣੇ-ਆਪ ਨੂੰ ਸਿਮਪਲੀ ਬ੍ਰਾਂਡ ਵਿੱਚ ਪ੍ਰਤੀਬਿੰਬਤ ਦੇਖਣਗੇ।"

ਦੋਸਾਂਝ ਦੇ ਕੈਨੇਡਾ ਵਿੱਚ ਪਹਿਲਾਂ ਹੀ ਚੰਗੇ ਪ੍ਰਸ਼ੰਸਕ ਹਨ। ਉਸਦੇ 2022 ਉੱਤਰੀ ਅਮਰੀਕਾ ਦੇ ਦੌਰੇ ਵਿੱਚ ਕੈਨੇਡਾ ਦੇ ਕੁਝ ਸਭ ਤੋਂ ਵੱਡੇ ਸੰਗੀਤ ਸਮਾਰੋਹ ਸਥਾਨਾਂ 'ਤੇ ਵਿਕਣ ਵਾਲੇ ਸ਼ੋਅ ਪੇਸ਼ ਕੀਤੇ ਗਏ ਸਨ ਅਤੇ ਉਸਦਾ ਆਉਣ ਵਾਲਾ ਦਿਲ-ਲੁਮੀਨਾਟੀ ਟੂਰ 27 ਅਪ੍ਰੈਲ ਨੂੰ ਵੈਨਕੂਵਰ ਵਿੱਚ ਰੁਕ ਜਾਵੇਗਾ। ਬਸੰਤ ਰੁੱਤ ਵਿੱਚ, ਦੋਸਾਂਝ ਨੇ ਇੰਡੀਓ, ਕੈਲੀਫੋਰਨੀਆ ਵਿੱਚ ਕੋਚੇਲਾ ਵੈਲੀ ਮਿਊਜ਼ਕਿ ਐਂਡ ਆਰਟਸ ਫੈਸਟੀਵਲ ਵਿੱਚ ਪਹਿਲੇ ਪੰਜਾਬੀ ਗਾਇਕ ਵਜੋਂ ਸਟੇਜ 'ਤੇ ਪਹੁੰਚ ਕੀਤੀ। ਅੰਤਰਰਾਸ਼ਟਰੀ ਪੱਧਰ 'ਤੇ, ਉਸ ਨੇ ਵੱਖ-ਵੱਖ ਸਮਾਜਿਕ ਪਲੇਟਫਾਰਮਾਂ 'ਤੇ 24 ਮਿਲੀਅਨ ਤੋਂ ਵੱਧ ਫਾਲੋਅਰਾਂ ਨੂੰ ਇਕੱਤਰ ਕੀਤਾ ਹੈ ਅਤੇ Spotify 'ਤੇ 8.5 ਮਿਲੀਅਨ ਤੋਂ ਵੱਧ ਮਹੀਨਾਵਰ ਸਰੋਤੇ ਹਨ।

“ਮੈਂ ਕੈਨੇਡਾ ਦੇ ਲੋਕਾਂ, ਸੱਭਿਆਚਾਰ ਅਤੇ ਸ਼ਾਨਦਾਰ ਮਾਹੌਲ ਨੂੰ ਪਿਆਰ ਕਰਦਾ ਹਾਂ। ਇਹ ਪਿਆਰ ਅਤੇ ਸਵੀਕ੍ਰਿਤੀ ਦੀ ਧਰਤੀ ਹੈ। ਮੈਂ ਇੱਥੇ ਹਮੇਸ਼ਾ ਘਰ ਵਾਂਗ ਮਹਿਸੂਸ ਕਰਦਾ ਹਾਂ, ”ਦੋਸਾਂਝ ਨੇ ਕਿਹਾ। "ਜਦੋਂ ਮੈਨੂੰ ਨਾਲ ਸਾਂਝੇਦਾਰੀ ਕਰਨ ਦਾ ਮੌਕਾ ਮਿਲਿਆ, ਇੱਕ ਅਜਿਹਾ ਬ੍ਰਾਂਡ, ਜੋ ਵਿਭਿੰਨਤਾ ਦਾ ਜਸ਼ਨ ਮਨਾਉਂਦਾ ਹੈ, ਮੈਂ ਸੱਚੇ ਦਿਲ ਨਾਲ ਬਹੁਤ ਖੁਸ਼ ਹੋਇਆ (ਮੇਰਾ ਦਿਲ ਸੱਚੀ ਖੁਸ਼ੀ ਨਾਲ ਭਰ ਗਿਆ)।"

ਦੋਸਾਂਝ ਦੇ ਨਾਲ Simplii Financial ਲਈ ਪਹਿਲੀ ਸਾਂਝੇਦਾਰੀ ਹੈ ਅਤੇ ਇੱਕ ਅਜਿਹੀ ਸਾਂਝੇਦਾਰੀ, ਜੋ ਇਸਨੂੰ ਆਉਣ ਵਾਲੇ ਨਵੇਂ ਲੋਕਾਂ ਅਤੇ ਅੰਤਰਰਾਸ਼ਟਰੀ ਵਿਦਿਆਰਥੀਆਂ ਲਈ ਆਪਣੇ-ਆਪ ਨੂੰ ਡਿਜ਼ੀਟਲ ਬੈਂਕ ਵਜੋਂ ਸਥਾਪਿਤ ਕਰਨ ਦੇ ਰਾਹ 'ਤੇ ਪਾਉਂਦੀ ਹੈ।

**Simplii Financial ਬਾਰੇ:**

Simplii 2 ਮਿਲੀਅਨ ਤੋਂ ਵੱਧ ਕੈਨੇਡੀਅਨ ਲੋਕਾਂ ਲਈ ਬਿਨਾਂ ਕਿਸੇ ਮਹੀਨਾਵਾਰ ਫੀਸ ਦੇ ਆਨਲਾਈਨ, ਮੋਬਾਈਲ ਅਤੇ ਟੈਲੀਫ਼ੋਨ ਬੈਂਕਿੰਗ ਤੱਕ 24/7 ਪਹੁੰਚ ਦੇ ਨਾਲ, ਨਾਲ ਹੀ CIBC ਦੁਆਰਾ ਸਭ ਤੋਂ ਵੱਡੇ ਰਾਸ਼ਟਰੀ ATM ਨੈੱਟਵਰਕਾਂ ਵਿੱਚੋਂ ਇੱਕ ਤੱਕ ਪਹੁੰਚ ਦੇ ਨਾਲ ਬੈਂਕ ਕਰਨ ਦਾ ਇੱਕ ਸਰਲ ਅਤੇ ਆਸਾਨ ਤਰੀਕਾ ਪ੍ਰਦਾਨ ਕਰਦਾ ਹੈ। ਨਵੇਂ ਕੈਨੇਡੀਅਨ ਲੋਕਾਂ ਲਈ ਬੈਂਕਿੰਗ ਵਿੱਚ ਇੱਕ ਮਾਰਕੀਟ ਲੀਡਰ, Simpli 90 ਤੋਂ ਵੱਧ ਦੇਸ਼ਾਂ ਤੋਂ ਖਾਤਾ ਨਾਮਾਂਕਣ, 130 ਤੋਂ ਵੱਧ ਦੇਸ਼ਾਂ ਨੂੰ ਉਸੇ ਦਿਨ ਨੋ-ਟ੍ਰਾਂਸਫਰ-ਫੀਸ ਭੇਜਣ, Alipay ਮੋਬਾਈਲ ਵਾਲਿਟ ਵਿੱਚ ਰੀਅਲ-ਟਾਈਮ ਟ੍ਰਾਂਸਫਰ, ਵਿਦੇਸ਼ੀ ਮੁਦਰਾ ਬੱਚਤ ਖਾਤਿਆਂ, ਅਤੇ ਹੋਮ ਡਿਲੀਵਰੀ ਦੇ ਨਾਲ ਬਿਨਾਂ ਫੀਸ ਵਿਦੇਸ਼ੀ ਮੁਦਰਾ ਆਰਡਰਿੰਗ ਦੀ ਪੇਸ਼ਕਸ਼ ਕਰਦਾ ਹੈ। ਹੋਰ ਜਾਣਕਾਰੀ ਲਈ ਕਿਰਪਾ ਕਰਕੇ www.simplii.com 'ਤੇ ਜਾਓ ਜਾਂ Twitter @SimpliiFin, Instagram @SimpliiFin ਜਾਂ Facebook 'ਤੇ ਫਾਲੋ ਕਰੋ।

**Allseas Fisheries Inc. is Hiring!**
**DZ licensed delivery drivers needed.**
Pay is $24/hour. Full time, permanent
Should work any day of the week, including weekends.
If interested, please forward resume to **rgidda@allseas.net**












# ਚੇਅਰਮੈਨ ਪੰਜਾਬ ਰਾਜ ਟਰੇਡਰ ਕਮਿਸ਼ਨ ਵੱਲੋਂ ਵਪਾਰੀਆਂ ਅਤੇ ਉਦਯੋਗਪਤੀਆਂ ਨਾਲ ਕੀਤੀ ਗਈ ਵਿਸ਼ੇਸ਼ ਮੀਟਿੰਗ

## ਵਪਾਰੀਆਂ ਅਤੇ ਉਦਯੋਗਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ ਤੇ ਹੱਲ ਕਰੇਗੀ ਪੰਜਾਬ ਸਰਕਾਰ




ਫਿਰੋਜ਼ਪੁਰ, 26 ਫਰਵਰੀ (ਗਿਆਨ ਸਿੰਘ): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਆਪ ਦੀ ਸਰਕਾਰ ਆਪ ਦੇ ਦੁਆਰ ਮੁਹਿੰਮ ਤਹਿਤ ਪੰਜਾਬ ਰਾਜ ਵਪਾਰੀ ਕਮਿਸ਼ਨ ਦੇ ਚੇਅਰਮੈਨ ਸ੍ਰੀ ਅਨਿਲ ਠਾਕੁਰ ਅਤੇ ਪੰਜਾਬ ਐਗਰੋ ਦੇ ਚੇਅਰਮੈਨ ਸ਼ਮਿੰਦਰ ਸਿੰਘ ਖਿੰਡਾ ਨੇ ਫਿਰੋਜ਼ਪੁਰ ਜ਼ਿਲ੍ਹੇ ਦੇ ਵਪਾਰੀਆਂ, ਉਦੋਗਪਤੀਆਂ ਅਤੇ ਉਦਮੀਆਂ ਨਾਲ ਮੀਟਿੰਗ ਕਰਕੇ ਉਨ੍ਹਾਂ ਦੀਆਂ ਮੁਸ਼ਕਿਲਾਂ ਸੁਣੀਆਂ ਅਤੇ ਵਿਚਾਰਾਂ ਸਾਂਝੀਆਂ ਕੀਤੀਆਂ। ਇਸ ਮੌਕੇ ਪੰਜਾਬ ਮਧਿਅਮ ਇੰਡਸਟਰੀ ਵਿਕਾਸ ਬੋਰਡ ਦੇ ਚੇਅਰਮੈਨ ਨੀਲ ਗਰਗ ਵੀ ਵਿਸ਼ੇਸ਼ ਤੌਰ ਤੇ ਹਾਜ਼ਰ ਸਨ।

ਅਨਿਲ ਠਾਕੁਰ ਨੇ ਇਸ ਮੌਕੇ ਵਪਾਰੀਆਂ ਅਤੇ ਉਦੋਗਪਤੀਆਂ ਨੂੰ ਸੰਬੋਧਨ ਹੁੰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਯਕ ਮੁਸ਼ਤ ਨਿਪਟਾਰਾ ਸਕੀਮ ਤਹਿਤ 1,ਲੱਖ ਤੋਂ ਘੱਟ ਦੇ ਪੁਰ-ਾਣੇ ਬਕਾਇਆ ਨੂੰ ਪੂਰਨ ਤੌਰ ਤੇ ਮਾਫ ਕਰ ਦਿੱਤਾ ਗਿਆ ਹੈ। ਜਦਕਿ ਇਕ ਲੱਖ ਤੋਂ ਇਕ ਕਰੋੜ ਤੱਕ ਦੇ ਬਕਾਇਆ ਸਬੰਧੀ ਵੀ ਛੂਟ ਦਿੱਤੀ ਗਈ ਹੈ। ਇਸ ਸਕੀਮ ਦਾ ਲਾਭ ਲੈਣ ਲਈ 15 ਮਾਰਚ ਤੋਂ ਪਹਿਲਾਂ ਪਹਿਲਾਂ ਸੰਬੰਧਿਤ ਬਕਾਏਦ-ਾਰ ਵਿਭਾਗ ਨਾਲ ਸੰਪਰਕ ਕਰ ਸਕਦੇ ਹਨ।

ਉਨਾਂ ਕਿਹਾ ਕਿ ਉਹ ਹਰੇਕ ਜ਼ਿਲ੍ਹੇ ਵਿੱਚ ਜਾ ਕੇ ਵਪਾਰੀਆਂ ਅਤੇ ਉਦੋਗਪਤੀਆਂ ਦੀਆਂ ਮੁਸ਼ਕਿਲਾਂ ਸੁਣ ਰਹੇ ਹਨ ਤਾਂ ਜੋ ਸਰਕਾਰ ਦੇ ਪੱਧਰ ਤੇ ਇਹਨਾਂ ਦਾ ਨਿਪਟਾਰਾ ਕੀਤਾ ਜਾ ਸਕੇ । ਉਨ ਕਿਹਾ ਕਿ ਜੇਕਰ ਕਿਸੇ ਵਪਾਰੀ ਨੂੰ ਨੋਟਿਸ ਆਉਂਦਾ ਤਾਂ ਇਸਦਾ ਮਤਲਬ ਇਹ ਨਹੀਂ ਕਿ ਵਪਾਰੀ ਜਾਂ ਦੁਕਾਨਦਾਰ ਦੋਸ਼ੀ ਹੈ, ਬਲਕਿ ਉਸਨੂੰ ਆਪਣਾ ਪੱਖ ਰੱਖਣ ਦਾ ਪੂਰਾ ਮੌਕਾ ਦਿੱਤਾ ਜਾਂਦਾ ਹੈ, ਅਤੇ ਜੇਕਰ ਵਪਾਰੀ ਦਾ ਪੱਖ ਸਹੀ ਹੋਵੇ ਤਾਂ ਅਜਿਹੇ ਨੋਟਿਸ ਨੂੰ ਵਾਪਸ ਲੈ ਲਿਆ ਜਾਂਦਾ ਹੈ। ਉਨ੍ਹਾਂ ਨੇ ਕਿਹਾ ਕਿ ਵਿਭਾਗਾਂ ਨੂੰ ਹਦਾਇਤ ਕੀਤੀ ਗਈ ਹੈ ਕਿ ਵਪਾਰੀਆਂ ਅਤੇ ਉਦਯੋਗਾਂ ਨੂੰ ਬਿਨਾਂ ਕਿਸੇ ਕਾਰਨ ਦੇ ਤੰਗ ਪਰੇਸ਼ਾਨ ਨਾ ਕੀਤਾ ਜਾਵੇ। ਉਨਾਂ ਨੇ ਇਸ ਮੌਕੇ ਇਹ ਵੀ ਅਪੀਲ ਕੀਤੀ ਕਿ ਸਮਾਨ ਦੀ ਵਿਕਰੀ ਸਮੇਂ ਪੱਕਾ ਬਿੱਲ ਜ਼ਰੂਰ ਦਿੱਤਾ ਜਾਵੇ। ਵਪਾਰੀਆਂ ਦੀ ਮੰਗ ਤੇ ਉਨ੍ਹਾਂ ਦੱਸਿਆ ਕਿ ਜੀਐਸਟੀ ਦਫਤਰਾਂ ਵਿੱਚ ਇੱਕ ਉਡੀਕ ਸਥਾਨ ਤਿਆਰ ਕਰਵਾਇਆ ਜਾਵੇਗਾ ਅਤੇ ਫਿਰੋਜ਼ਪੁਰ ਜ਼ਿਲ੍ਹੇ ਦੀ ਇਕ ਸਲਾਹਕਾਰੀ ਕਮੇਟੀ ਵੀ ਬਣਾਈ ਜਾਵੇਗੀ ਜਿਸ ਵਿੱਚ ਹਰ ਵਰਗ ਦੇ ਵਪਾਰੀਆਂ ਦਾ ਨੁਮਾਇੰਦਾ ਸ਼ਾਮਿਲ ਹੋਵੇਗਾ।

ਇਸ ਮੌਕੇ ਪੰਜਾਬ ਐਗਰੋ ਦੇ ਚੇਅਰਮੈਨ ਸ਼ਮਿੰਦਰ ਸਿੰਘ ਖਿੰਡਾ ਨੇ ਕਿਹਾ ਕਿ ਇਸ ਤਰ੍ਹਾਂ ਦੀਆਂ ਮੀਟਿੰਗਾਂ ਦਾ ਉਦੇਸ਼ ਵਪਾਰੀਆਂ ਦੀਆਂ ਮੁਸ਼ਕਲਾਂ ਨੂੰ ਸਮਝਣਾ ਹੈ ਅਤੇ ਉਨਾਂ ਦੇ ਸੁਝਾਵਾਂ ਅਨੁਸਾਰ ਸਰਕਾਰ ਫਿਰ ਫੈਸਲੇ ਕਰੇਗੀ। ਉਨ੍ਹਾਂ ਕਿਹਾ ਕਿ ਪੰਜਾਬ ਐਗਰੋ ਪੰਜਾਬ ਦੇ ਹਿੱਤਾਂ ਦੀ ਰਾਖੀ ਲਈ ਦ੍ਰਿੜ ਸੰਕਲਪਿਤ ਹੈ। ਉਨਾਂ ਕਿਹਾ ਕਿ ਜਦ ਆਪਸ ਵਿੱਚ ਬੈਠ ਕੇ ਵਿਚਾਰ ਵਟਾਂਦਰਾ ਕੀਤਾ ਜਾਂਦਾ ਹੈ ਤਾਂ ਬਹੁਤ ਸਾਰੀਆਂ ਸਮੱਸਿਆਵਾਂ ਦਾ ਹੇਠਲੇ ਪੱਧਰ ਤੇ ਹੀ ਹੱਲ ਹੋ ਜਾਂਦਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਆਉਣ ਵਾਲੇ ਦਿਨਾਂ ਵਿੱਚ ਵਪਾਰੀਆਂ ਅਤੇ ਸਨੱਤਕਾਰਾਂ ਨਾਲ ਹੋਰ ਵੀ ਮੀਟਿੰਗਾਂ ਕਰੇਗੀ। ਉਹਨਾਂ ਕਿਹਾ ਕਿ ਉਹ ਵਪਾਰੀ ਦੇ ਮਨ ਵਿੱਚੋਂ ਡਰ ਕੱਢਣਾ ਚਾਹੁੰਦੇ ਹਨ ਅਤੇ ਜੇਕਰ ਕਿਸੇ ਵਪਾਰੀ ਨੂੰ ਕੋਈ ਮੁਸ਼ਕਿਲ ਹੋਵੇ ਤਾਂ ਉਹ ਸਿੱਧੇ ਵਿਭਾਗ ਨਾਲ ਸੰਪਰਕ ਕਰੇ । ਉਨ੍ਹਾਂ ਦੱਸਿਆ ਕਿ ਓਟੀਐਸ ਸਕੀਮ ਤਹਿਤ ਬਕਾਇਆ ਵੀ ਮੁਆਫ ਕੀਤਾ ਗਿਆ ਹੈ।

ਇਸ ਮੌਕੇ ਨੀਲ ਗਰਗ ਨੇ ਕਿਹਾ ਕਿ ਜੇਕਰ ਕਿਸਾਨ ਅੰਨਦਾਤਾ ਹਨ ਤਾਂ ਵਪਾਰੀ ਕਰ ਦਾਤਾ ਹਨ। ਉਨ੍ਹਾਂ ਕਿਹਾ ਕਿ ਸਰਕਾਰ ਤੁਹਾਡੀਆਂ ਸਾਰੀਆਂ ਸਮੱਸਿਆਵਾਂ ਦੇ ਯੋਗ ਹੱਲ ਲਈ ਉਪਰਾਲੇ ਕਰ ਰਹੀ ਹੈ ਅਤੇ ਜੇਕਰ ਕਿਸੇ ਵੀ ਵਪਾਰੀ ਨੂੰ ਕੋਈ ਦਿੱਕਤ ਪੇਸ਼ ਆਉਂਦੀ ਹੈ ਤਾਂ ਉਹ ਉਨ੍ਹਾਂ ਨਾਲ ਸੰਪਰਕ ਕਰ ਸਕਦੇ ਹਨ।

ਇਸ ਮੌਕੇ ਕਮਿਸ਼ਨ ਦੇ ਮੈਂਬਰ ਅਤੁੱਲ ਨਾਗਪਾਲ, ਸਕੱਤਰ ਅਰੁਣ ਵਧਵਾ, ਐਸੀਸਟੈਂਟ ਕਮਿਸ਼ਨਰ ਸਟੇਟ ਟੈਕਸ ਗੁਲਸ਼ਨ ਹੂੜੀਆ, ਐਸਟੀਓ ਰਜਨੀ ਦੇਵਗਨ, ਗੁਰਪ੍ਰੀਤ ਸਿੰਘ, ਅਭਿਸ਼ੇਕ ਅਰੋੜਾ ਤੋਂ ਇਲਾਵਾ ਜ਼ਿਲ੍ਹੇ ਦੀਆਂ ਵੱਖ-ਵੱਖ ਵਪਾਰੀ ਅਤੇ ਸਨਤਕਾਰਾਂ ਦੀਆਂ ਜਥੇਬੰਦੀਆਂ ਦੇ ਨੁਮਾਇੰਦੇ ਅਤੇ ਵਕੀਲ ਸਾਹਿਬਾਨ ਹਾਜ਼ਰ ਸਨ।

# ਭਾਜਪਾ 'ਚ ਸ਼ਾਮਿਲ ਹੋਣ ਦੀਆਂ ਚਰਚਾਵਾਂ ਦੌਰਾਨ ਨਵਜੋਤ ਸਿੰਘ ਸਿੱਧੂ ਨੇ ਪ੍ਰਿਅੰਕਾ ਗਾਂਧੀ ਨਾਲ ਕੀਤੀ ਮੁਲਾਕਾਤ



ਚੰਡੀਗੜ੍ਹ, 27 ਫਰਵਰੀ (ਪੋਸਟ ਬਿਊਰੋ): ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਸਾਬਕਾ ਪ੍ਰਧਾਨ ਨਵਜੋਤ ਸਿੰਘ ਸਿੱਧੂ ਦਿੱਲੀ ਪਹੁੰਚ ਪਹੁੰਚੇ। ਇਸ ਦੌਰਾਨ ਉਨ੍ਹਾਂ ਨੇ ਕਾਂਗਰਸ ਦੀ ਸੀਨੀਅਰ ਆਗੂ ਪ੍ਰਿਅੰਕਾ ਗਾਂਧੀ ਵਾਡਰਾ ਨਾਲ ਮੁਲਾਕਾਤ ਕੀਤੀ। ਸਿੱਧੂ ਨੇ ਆਪਣੇ ਦਿੱਲੀ ਦੌਰੇ ਦੀ ਤਸਵੀਰ ਸੋਸ਼ਲ ਮੀਡੀਆ 'ਤੇ ਸ਼ੇਅਰ ਕੀਤੀ ਹੈ ਅਤੇ ਕਿਹਾ ਕਿ ਅੱਗੇ ਦੇ ਰਾਹ ਲਈ ਸਕਾਰ-ਾਤਮਕ ਚਰਚਾ ਹੋਈ ਹੈ। ਦੂਜੇ ਪਾਸੇ ਜੇ ਦੇਖਿਆ ਜਾਵੇ ਤਾਂ ਪਿਛਲੇ ਦਿਨੀਂ ਨਵਜੋਤ ਸਿੰਘ ਸਿੱਧੂ ਦੇ ਭਾਜਪਾ 'ਚ ਸ਼ਾਮਿਲ ਹੋਣ ਦੀਆਂ ਚਰਚਾਵਾਂ ਗਰਮ ਸਨ।







## ਲੜਕੀ ਦੀ ਲੋੜ

Well settled Ramgarhia Family living in Winnipeg from 16 years looking for a suitable match for their son 33-year-old,5-10 Tall, clean shaved, Active in Real Estate Business and financing Business Manitoba and Ontario.
Contact number-204-510-7658 and 519-917-5055.

7Feb

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ।ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.




## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ।
ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਐੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013




**Allseas Fisheries Inc. is Hiring!**

**DZ licensed delivery drivers needed.**

Pay is $24/hour. Full time, permanent

Should work any day of the week, including weekends.

If interested, please forward resume to **rgidda@allseas.net**

## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ 'ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com




## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇੱਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4", ਬੀ.ਏ ਪਾਸ, ਹੇਅਰ ਐਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664



# ਫ਼ਲਾਵਰ ਸਿਟੀ ਫਰੈਂਡਜ਼ ਕਲੱਬ ਦੇ ਮੈਂਬਰਾਂ ਵੱਲੋਂ ਆਯੋਜਿਤ ਕੀਤੀ ਗਈ 'ਹੱਗ ਐਂਡ ਹਾਰਮਨੀ ਵੈਲੇਨਟਾਈਨ ਪਾਰਟੀ'



## ਮਨਿਸਟਰ ਕਮਲ ਖੈਹਰਾ, ਐੱਮ.ਪੀ. ਸ਼ਫ਼ਕਤ ਅਲੀ, ਐੱਮ.ਪੀ.ਪੀ. ਅਮਰਜੋਤ ਸੰਧੂ ਅਤੇ ਕਈ ਹੋਰਨਾਂ ਨੇ ਕੀਤੀ ਸ਼ਿਰਕਤ





ਬਰੈਂਪਟਨ, (ਡਾ. ਝੰਡ) -ਬਰੈਂਪਟਨ ਦੀ ਗਤੀਸ਼ੀਲ ਕਲੱਬ 'ਫ਼ਲਾਵਰ ਸਿਟੀ ਫਰੈਂਡਜ਼ ਕਲੱਬ' ਦੇ ਮੈਂਬਰਾਂ ਵੱਲੋਂ ਲੰਘੇ ਸ਼ਨੀਵਾਰ ਲੋਫ਼ਰਜ਼ ਲੇਕ ਰੀਕਰੀਏਸ਼ਨ ਸੈਂਟਰ ਵਿਚ 'ਹੱਗ ਐਂਡ ਹਾਰਮਨੀ ਵੈਲੇਨਟਾਈਨ ਪਾਰਟੀ' ਦਾ ਸਫ਼ਲ ਆਯੋਜਨ ਕੀਤਾ ਗਿਆ। ਵੱਖ-ਵੱਖ ਸਮਾਜਿਕ ਤੇ ਸੱਭਿਆਚਾਰਕ ਪਿਛੋਕੜਾਂ ਨਾਲ ਨਾਲ ਜੁੜੇ ਹੋਏ ਮੈਂਬਰਾਂ ਦੀ ਇਹ ਇਕੱਤਰਤਾ ਮਨੁੱਖੀ ਪਿਆਰ ਅਤੇ ਆਪਸੀ ਏਕਤਾ ਨੂੰ ਸਮੱਰਪਿਤ ਸੀ ਜੋ ਬਰੈਂਪਟਨ ਦੀ ਵਿਲੱਖਣ ਬਹੁ-ਪੱਖੀ ਵਿਰਾਸਤ ਨੂੰ ਭਲੀ-ਭਾਂਤ ਦਰਸਾ ਰਹੀ ਸੀ।

ਪਾਰਟੀ ਵਿਚ ਸ਼ਾਮਲ ਮੈਂਬਰਾਂ ਨੇ ਗਲਵੱਕੜੀਆਂ ਨਾਲ ਆਪਸੀ ਪ੍ਰੇਮ-ਪਿਆਰ ਦਾ ਇਜ਼ਹਾਰ ਕੀਤਾ ਤੇ ਆਪਣੀਆਂ ਪ੍ਰੇਮ-ਕਹਾਣੀਆਂ ਸਾਂਝੀਆਂ ਕੀਤੀਆਂ ਅਤੇ ਗੀਤ-ਸੰਗੀਤ ਦਾ ਪ੍ਰਵਾਹ ਵੀ ਬਾਖ਼ੂਬੀ ਚੱਲਿਆ। ਇਸ ਨਾਲ ਇਹ ਪ੍ਰੋਗਰਾਮ ਪਰਿਵਾਰਕ ਤੇ ਦੋਸਤਾਨਾ ਰਿਸ਼ਤਿਆਂ ਨੂੰ ਮਜ਼ਬੂਤ ਕਰਨ ਵਾਲੇ 'ਫੈਮਲੀ-ਡੇਅ' ਦਾ ਵੀ ਅਹਿਮ ਅੰਗ ਬਣ ਗਿਆ। ਇਸ ਦੌਰਾਨ ਮੈਂਬਰਾਂ ਨੇ ਵੱਖ-ਵੱਖ ਤਰ੍ਹਾਂ ਦੇ ਸਨੈਕਸ ਤੇ ਡਿਸ਼ਾਂ ਦਾ ਭਰਪੂਰ ਅਨੰਦ ਮਾਣਿਆ ਅਤੇ ਕੇਕ ਕੱਟ ਕੇ ਕਲੱਬ ਦੇ ਮਾਣਯੋਗ ਮੈਂਬਰ ਪ੍ਰਮੋਦ ਭੰਡਾਰੀ ਦਾ ਜਨਮ-ਦਿਨ ਵੀ ਮਨਾਇਆ ਗਿਆ।

ਇਸ ਪਾਰਟੀ ਵਿਚ ਮਾਣਯੋਗ ਮਨਿ-ਸਟਰ ਕਮਲ ਖੈਹਰਾ, ਐੱਮ.ਪੀ. ਸ਼ਫ਼ਕਤ ਅਲੀ, ਐੱਮ.ਪੀ.ਪੀ. ਅਮਰ-ਜੋਤ ਸੰਧੂ, ਵਾਰਡ ਨੰਬਰ 1 ਤੇ 5 ਦੇ ਰੀਜਨਲ ਕੌਂਸਲਰ ਰੋਵੇਨਾ ਸੈਂਟੋਸ ਤੇ ਪਾਲ ਵੇਸੰਟੇ ਅਤੇ ਕਈ ਹੋਰ ਪਤਵੰਤੇ ਵੀ ਸ਼ਾਮਲ ਹੋਏ।

ਇਸ ਮੌਕੇ ਮੰਤਰੀ ਕਮਲ ਖੈਹਰਾ ਨੇ ਆਪਣੇ ਸੰਬੋਧਨ ਵਿਚ ਸਮਾਜਿਕ ਇਕੱਤਰਤਾਵਾਂ ਦੀ ਮਹਾਨਤਾ ਬਾਰੇ ਜ਼ਿਕਰ ਕਰਦਿਆਂ ਕਿਹਾ, "ਇਹ ਸਾਡੇ ਸੀਨੀਅਰਜ਼ ਦੀ ਸਰੀਰਕ ਤੇ ਮਾਨਸਿਕ ਸਿਹਤ ਲਈ ਅਤੀ ਜ਼ਰੂਰੀ ਹੈ। ਇਸ ਨਾਲ ਉਹ ਚੁਸਤ-ਦਰੁਸਤ ਤੇ ਖ਼ੁਸ਼ ਰਹਿੰਦੇ ਹਨ ਅਤੇ ਉਨ੍ਹਾਂ ਨੂੰ ਇਕੱਲਤਾ ਦਾ ਅਹਿਸਾਸ ਨਹੀਂ ਹੁੰਦਾ।" ਉਨ੍ਹਾਂ ਨੇ ਕਲੱਬ ਨੂੰ ਹਰ ਪ੍ਰਕਾਰ ਦੀ ਸਹਾਇਤਾ ਦੇਣ ਬਾਰੇ ਯਕੀਨ ਦਿਵਾਇਆ। ਪਰਿਵਾਰਿਕ ਏਕਤਾ ਦੀ ਗੱਲ ਕਰਦਿਆਂ ਐੱਮ.ਪੀ. ਸ਼ਫ਼ਤਕ ਅਲੀ ਨੇ ਫ਼ਲਾਵਰ ਸਿਟੀ ਫਰੈਂਡਜ਼ ਕਲੱਬ ਵੱਲੋਂ ਪਰਿਵਾਰਿਕ ਤੇ ਸਨਾਜਿਕ ਤੰਦਾਂ ਮਜ਼ਬੂਤ ਕਰਨ ਬਾਰੇ ਆਪਣੇ ਵਿਚਾਰ ਪੇਸ਼ ਕੀਤੇ। ਐੱਮ.ਪੀ.ਪੀ ਅਮਰਜੋਤ ਸੰਧੂ ਨੇ ਕਲੱਬ ਦੇ ਮਨੁੱਖਤਾ ਪ੍ਰਤੀ ਉਸਾਰੂ ਰਵੱਈਏ ਦੀ ਗੱਲ ਕਰਦਿਆਂ ਇਸ ਨੂੰ ਸ਼ੁਭ-ਕਾਮਨਾਵਾਂ ਦਿੱਤੀਆਂ ਅਤੇ ਪ੍ਰੋਵਿੰਸ਼ੀਅਲ ਸਰਕਾਰ ਵੱਲੋਂ ਸੀਨੀਅਰਜ਼ ਦੀ ਭਲਾਈ ਲਈ ਕੀਤੇ ਜਾ ਰਹੇ ਯਤਨਾਂ ਬਾਰੇ ਦੱਸਿਆ। ਰੀਜਨਲ ਕੌਂਸਲਰਾਂ ਰੋਵੇਨਾ ਸੈਂਟੋਸ ਤੇ ਪਾਲ ਵੇਸੰਟੇ ਵੱਲੋਂ ਆਪਣੇ ਸੰਬੋਧਨਾਂ ਵਿਚ ਸਮਾਜਿਕ ਤਰੱਕੀ ਤੇ ਖ਼ੁਸ਼ਹਾਲੀ ਲਈ ਕਲੱਬ ਦੇ ਯੋਗਦਾਨ ਦੀ ਭਰਪੂਰ ਸ਼ਲਾਘਾ ਕੀਤੀ ਗਈ।

ਕਲੱਬ ਦੇ ਡਾਇਰੈੱਕਟਰ ਗਿਆਨ ਪਾਲ ਨੇ ਸਾਰਿਆਂ ਦਾ ਇਸ ਪਾਰਟੀ ਵਿਚ ਸ਼ਾਮਲ ਹੋਣ ਲਈ ਹਾਰਦਿਕ ਧੰਨਵਾਦ ਕੀਤਾ ਅਤੇ ਕਲੱਬ ਵੱਲੋਂ ਇਸ ਸਾਲ ਦੌਰਾਨ ਕਰਵਾਏ ਜਾਣ ਵਾਲੇ ਸਮਾਗ਼ਮਾਂ ਦੀ ਰੂਪ-ਰੇਖਾ ਦੱਸੀ ਜਿਨ੍ਹਾਂ ਵਿਚ ਰੀਕਰੀਏਸ਼ਨ ਸੈਂਟਰਾਂ ਦੇ ਅੰਦਰ ਹੋਣ ਵਾਲੇ ਸਮਾਗ਼ਮ ਅਤੇ ਬਾਹਰਲੇ ਟੂਰ ਤੇ ਪਿਕਨਿਕਾਂ ਸ਼ਾਮਲ ਹੋਣਗੇ। ਉਨ੍ਹਾਂ ਕਿਹਾ ਕਿ ਫ਼ਲਾਵਰ ਸਿਟੀ ਫਰੈਂਡਜ਼ ਕਲੱਬ ਗਤੀਸ਼ੀਲ ਕਲੱਬ ਹੈ ਅਤੇ ਆਪਣੇ ਸੀਨੀਅਰਜ਼ ਸਾਥੀਆਂ ਦੀ ਬੇਹਤਰੀ ਲਈ ਇਹ ਸਮੇਂ-ਸਮੇਂ ਉਸਾਰੂ ਪ੍ਰੋਗਰਾਮ ਉਲੀਕਦੀ ਰਹਿੰਦੀ ਹੈ। ਇਸ ਕਲੱਬ ਦਾ ਮਹੱਤਵਪੂਰਨ ਉਦੇਸ਼ ਔਰਤਾਂ ਨੂੰ ਉਨ੍ਹਾਂ ਦੀ ਬਣਦੀ ਜ਼ਿੰਮੇਂਵਾਰੀ ਅਤੇ ਅਧਿਕਾਰ ਪ੍ਰਦਾਨ ਕਰਨਾ ਹੈ। ਕਲੱਬ ਦੀਆਂ ਕਈ ਦੂਰ-ਅੰਦੇਸ਼ ਔਰਤਾਂ ਡਾਇਰੈੱਕਟਰ ਹਨ ਜੋ ਇਸ ਦੀ ਚੜ੍ਹਦੀ-ਕਲਾ ਲਈ ਮਹੱਤਵਪੂਰਨ ਫ਼ੈਸਲੇ ਲੈਂਦੀਆਂ ਹਨ।

ਆਏ ਮਹਿਮਾਨਾਂ ਤੇ ਮੈਂਬਰਾਂ ਦਾ ਧੰਨਵਾਦ ਕਰਦਿਆਂ ਕਲੱਬ ਦੀ ਪ੍ਰਧਾਨ ਜਸਵਿੰਦਰ ਕੌਰ ਨੇ ਕਿਹਾ, "ਫ਼ਲਾਵਰ ਸਿਟੀ ਫਰੈਂਡਜ਼ ਕਲੱਬ ਵਿਚ ਔਰਤਾਂ ਨੂੰ ਲੀਡਰਸ਼ਿਪ ਦੇਣ ਦੀਆਂ ਕੇਵਲ ਗੱਲਾਂ ਹੀ ਨਹੀਂ ਹੁੰਦੀਆਂ, ਬਲਕਿ ਇਸ ਨੂੰ ਅਮਲ ਵਿਚ ਲਿਆਂਦਾ ਜਾਂਦਾ ਹੈ। ਅਸੀਂ ਵਿਭਿੰਨਤਾ ਅਤੇ ਹਰੇਕ ਨੂੰ ਨਾਲ ਲੈ ਕੇ ਚੱਲਣ ਵਿਚ ਯਕੀਨ ਰੱਖਦੇ ਹਾਂ।"


CAPITAL SERVICES

INSURANCE | VEHICLE REG. | IMMIGRATION | NOTARY PUBLIC | LIVE SCAN

ਸੈਕਰਾਮੈਂਟੋ, ਕੈਲੀਫੋਰਨੀਆ

AUTO · HOME · TRUCK · BUSINESS · LIFE · MEDICAL

ਪਾਸਪੋਰਟ / ਵੀਜ਼ਾ
* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents
The Attorney has 25 years of experience in your favor for all legal services.

Vehicle Registration
(Approved by CA DMV)
* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification
Lic.43779

Other Services
* Live Scan / Fingerprints
* Covered California.
* Drug Testing * Alcohol Tes
* Notary Services
* International Driver Lic.
Lic. 600094

Office Ph.(916) 427-4321
6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us

CAPITAL DRUG TESTING
Capital DRUG TESTING
Drug and Alcohol Test
DOT / NON DOT
PRE EMPLOYMENT - RANDOM
POST ACCIDENT - REASONABLE SUSPICION
Services: DOT Random Prog., FMCSA Clearinghouse,
DOT Supervisor Training, SAP Classes Etc.
Lab. Ph:(916) 680-9293
6624 Florin Road
Sacramento CA, 95828
Email: capitaldrugtest@gmail.com
Website: www.capitaldrugtest.com


# ਗਿਆਨ ਜੋਤੀ ਵਿਚ ਸਭਿਆਚਾਰਕ ਅਤੇ ਤਕਨੀਕੀ ਕਲਾਵਾਂ ਦੇ ਸੁਮੇਲ ਗਿਆਨ ਬਾਈਟ-24 ਦਾ ਆਯੋਜਨ

## 25 ਤੋਂ ਵੱਧ ਕਾਲਜਾਂ ਦੇ 750 ਵਿਦਿਆਰਥੀਆਂ ਨੇ ਭਾਗ ਲਿਆ





ਮੋਹਾਲੀ, 24 ਫਰਵਰੀ (ਪੋਸਟ ਬਿਊਰੋ): ਗਿਆਨ ਜੋਤੀ ਇੰਸਟੀਚਿਊਟ ਆਫ਼ ਮੈਨੇਜਮੈਂਟ ਐਂਡ ਟੈਕਨਾਲੋਜੀ, ਫੇਜ਼ 2, ਮੋਹਾਲੀ ਵੱਲੋਂ ਵਿਦਿਆਰਥੀਆਂ ਵਿਚਲੀਆਂ ਪ੍ਰਤਿਭਾ ਅਤੇ ਨਵੀਨਤਾ ਨੂੰ ਹੋਰ ਨਿਖਾਰਨ ਦੇ ਮੰਤਵ ਨਾਲ ਇੰਟਰ ਕਾਲਜ ਸਾਹਿੱਤਿਕ ਅਤੇ ਟੈਕਨੋ ਫ਼ੈਸਟੀਵਲ ਦਾ ਆਯੋਜਨ ਕੀਤਾ ਗਿਆ। ਗਿਆਨ ਬਾਈਟ-24 ਬੈਨਰ ਹੇਠ ਕਰਵਾਏ ਗਏ ਇਸ ਟੈੱਕ ਫੈਸਟ ਵਿਚ ਪੰਜਾਬ ਅਤੇ ਹਰਿਆਣਾ ਦੇ 25 ਤੋਂ ਵੱਧ ਕਾਲਜਾਂ ਦੇ 750 ਤੋਂ ਵੱਧ ਵਿਦਿਆਰਥੀਆਂ ਨੇ ਹਿੱਸਾ ਲੈਂਦੇ ਹੋਏ ਵੱਖ ਵੱਖ ਤਕਨੀਕੀ ਮੁਕਾਬਲਿਆਂ ਵਿਚ ਹਿੱਸਾ ਲਿਆ। ਸਾਹਿੱਤਿਕ ਮੁਕਾਬਲਿਆਂ ਵਿਚ ਕਹਾਣੀ ਸੁਣਾਉਣਾ, ਕੁਇਜ਼, ਮਾਰਕੀਟਿੰਗ ਦੇ ਮੁਕਾਬਲੇ, ਵੱਖ ਵੱਖ ਵਿਸ਼ਿਆਂ ਤੇ ਚਰਚਾ ਅਤੇ ਬਹਿਸ ਦੇ ਵਿਸ਼ੇ ਰੱਖੇ ਗਏ। ਜਦ ਕਿ ਆਈ ਟੀ ਈਵੈਂਟ ਵਿਚ ਲੈਨ ਗੇਮਿੰਗ, ਕੁਲਾਜ ਬਣਾਉਣਾ, ਡਿਜੀਟਲ ਫ਼ੋਟੋਗਰਾਫੀ ਅਤੇ ਵੀਡੀਓ ਮੇਕਿੰਗ ਵਿਸ਼ੇ ਰੱਖੇ ਗਏ। ਇਨ੍ਹਾਂ ਇੰਟਰ ਕਾਲਜ ਮੁਕਾਬਲਿਆਂ ਦਾ ਉਦਘਾਟਨ ਗਿਆਨ ਜੋਤੀ ਗਰੁੱਪ ਦੇ ਚੇਅਰਮੈਨ ਜੇ ਐੱਸ ਬੇਦੀ ਨੇ ਕੀਤਾ।ਗਿਆਨ ਜੋਤੀ ਦੇ ਡਾਇਰੈਕਟਰ ਡਾ. ਅਨੀਤ ਬੇਦੀ ਨੇ ਆਏ ਸਭ ਮਹਿਮਾਨਾਂ ਨੂੰ ਜੀ ਆਇਆ ਕਿਹਾ।

ਸਮਾਗਮ ਦੀ ਸ਼ੁਰੂਆਤ ਸਫ਼ਰ ਕਹਾਣੀ ਸੁਣਾਉਣ ਮੁਕਾਬਲੇ ਵਿਚ ਭਾਗ ਲੈਣ ਵਾਲਿਆਂ ਵੱਲੋਂ ਮਨਮੋਹਕ ਕਹਾਣੀਆਂ ਨਾਲ ਹੋਈ। ਜਿਸ ਵਿਚ ਕਲਪਨਾਵਾਂ ਤੋਂ ਲੈ ਕੇ ਮਾਮੂਲੀ ਕਿੱਸਿਆਂ ਤੱਕ, ਹਰੇਕ ਬਿਰਤਾਂਤ ਨੇ ਸਰੋਤਿਆਂ ਨੂੰ ਕਲਪਨਾ ਅਤੇ ਅਚੰਭੇ ਦੇ ਖੇਤਰਾਂ ਵਿਚ ਪਹੁੰਚਾਉਂਦੇ ਹੋਏ ਕਹਾਣੀਕਾਰਾਂ ਨੇ ਆਪਣੀ ਕਲਾ ਅਤੇ ਸਿਰ-ਜਣਾਤਮਿਕਤਾ ਦਾ ਪ੍ਰਦਰਸ਼ਨ ਕੀਤਾ। ਸਿਰਜਣਾਤਮਿਕਤਾ ਨੇ ਮਾਰਕੀਟਿੰਗ ਮਾਵਰਿਕਸ ਮੁਕਾਬਲੇ ਵਿਚ ਕੇਂਦਰ ਦਾ ਪੜਾਅ ਲਿਆ, ਜਿੱਥੇ ਟੀਮਾਂ ਨੇ ਨਵੀਨਤਾਕਾਰੀ ਮੀਡੀਆ ਮੁਹਿੰਮਾਂ ਨੂੰ ਤਿਆਰ ਕਰਕੇ ਪ੍ਰਦਰਸ਼ਿਤ ਕੀਤੀ। ਇਸ ਦੌਰਾਨ ਰਣਨੀਤਕ ਯੋਜਨਾਬੰਦੀ ਅਤੇ ਕਲਪਨਾਤਮਿਕ ਐਗਜ਼ੀਕਿਊਸ਼ਨ ਦੁਆਰਾ, ਵੱਖ ਵੱਖ ਵਿੱਦਿਅਕ ਅਦਾਰਿਆਂ ਦੇ ਵਿਦਿਆਰਥੀਆਂ ਨੇ ਡਿਜੀਟਲ ਯੁੱਗ ਵਿਚ ਦਰਸ਼ਕਾਂ ਨੂੰ ਲੁਭਾਉਣ ਅਤੇ ਸ਼ਮੂਲੀਅਤ ਕਰਨ ਦੀ ਆਪਣੀ ਯੋਗਤਾ ਦਾ ਪ੍ਰਦਰਸ਼ਨ ਕੀਤਾ। ਇਸ ਦੌਰਾਨ ਚਰਚਾ ਘੋਸ਼ਣਾ ਮੁਕਾਬਲੇ ਵਿਚ ਸਮਾਜਿਕ ਨਿਆਂ ਤੋਂ ਵਾਤਾਵਰਨ ਸਥਿਰਤਾ ਤੱਕ ਦੇ ਵਿਸ਼ਿਆਂ 'ਤੇ ਭਾਵੁਕ ਭਾਸ਼ਣ ਦਿੱਤੇ।

ਇਸ ਦੌਰਾਨ ਹੋਰ ਮਨੋਰੰਜਕ ਸਿੱਖਿਆਤਮਕ ਗਤੀਵਿਧੀਆਂ ਵਿਚ, ਗੇਮਿੰਗ ਦੇ ਚਾਹੁਣ ਵਾਲਿਆਂ ਨੇ ਆਪਣੇ ਆਪ ਨੂੰ ਲੈਨ ਰਾਹੀਂ ਤਿਆਰ ਕੀਤੀਆਂ ਲੜਾਈਆਂ ਵਿਚ ਲੀਨ ਕੀਤਾ। ਇਸ ਦੌਰਾਨ ਕਲਾਕਾਰਾਂ ਨੇ ਡਿਜੀਟਲ ਕੁਲਾਜ ਮੇਕਿੰਗ ਵਿਚ ਵਿਜ਼ੂਅਲ ਮਾਸਟਰ ਪੀਸ ਨੂੰ ਇਕੱਠਾ ਕਰਦੇ ਹੋਏ ਆਪਣੀ ਸਿਰ-ਜਣਾਤਮਿਕਤਾ ਨੂੰ ਉਜਾਗਰ ਕੀਤਾ।ਜਦਕਿ ਉੱਭਰਦੇ ਵੈੱਬ ਡਿਜ਼ਾਈਨਰਾਂ ਨੇ ਬਿਹਤਰੀਨ ਆਨਲਾਈਨ ਤਜਰਬਿਆਂ ਰਾਹੀਂ ਤਿਆਰ ਵੈੱਬਸਾਈਟਾਂ ਰਾਹੀਂ ਉਨ੍ਹਾਂ ਦੀ ਤਕਨੀਕੀ ਮੁਹਾਰਤ ਦੇ ਪੇਸ਼ਕਾਰੀ ਕੀਤੀ। ਡਿਜੀਟਲ ਫ਼ੋਟੋਆਂ ਅਤੇ ਵੀਡੀਓਜ਼ ਦੁਆਰਾ ਆਪਣੇ ਆਲੇ ਦੁਆਲੇ ਦੀ ਦੁਨੀਆ ਦੀ ਸੁੰਦਰਤਾ ਅਤੇ ਗੁੰਝਲਤਾ ਨੂੰ ਕੈਪਚਰ ਕਰਦੇ ਹੋਏ, ਉਨ੍ਹਾਂ ਦੀ ਸਿਨੇਮੈਟਿਕ ਸ਼ਕਤੀ ਨਾਲ ਸਭ ਨੂੰ ਹੈਰਾਨ ਕੀਤਾ।

ਗਿਆਨ ਜੋਤੀ ਇੰਸਟੀਚਿਊਟ ਆਫ਼ ਮੈਨੇਜਮੈਂਟ ਐਂਡ ਟੈਕਨਾਲੋਜੀ ਦੇ ਡਾਇਰੈਕਟਰ ਡਾ. ਅਨੀਤ ਬੇਦੀ ਨੇ ਪੂਰੇ ਸਮਾਗਮ ਦੌਰਾਨ ਦਿਖਾਈਆਂ ਗਈਆਂ ਸ਼ਾਨਦਾਰ ਪ੍ਰਾਪਤੀਆਂ ਦੀ ਸ਼ਲਾਘਾ ਕੀਤੀ। ਡਾ. ਬੇਦੀ ਨੇ ਸਮਾਗਮ ਦੇ ਸਮਾਪਤੀ ਸਮਾਰੋਹ ਦੌਰਾਨ ਸਾਰੇ ਭਾਗੀਦਾਰਾਂ ਅਤੇ ਜੇਤੂਆਂ ਨੂੰ ਨਿੱਘੀ ਵਧਾਈ ਦਿੱਤੀ। ਚੇਅਰਮੈਨ ਜੇ ਐੱਸ ਬੇਦੀ ਨੇ ਗਿਆਨ ਬਾਈਟ-24 ਨੂੰ ਸ਼ਾਨਦਾਰ ਸਫਲ ਬਣਾਉਣ ਵਿਚ ਸਭ ਦੀ ਸਖ਼ਤ ਮਿਹਨਤ ਅਤੇ ਸਮਰਪਣ ਦੀ ਸ਼ਲਾਘਾ ਕੀਤੀ।




# ਜੋਗਿੰਦਰ ਬਾਠ ਦਾ ਸਨਮਾਨ ਅਤੇ "ਕੈਨੇਡਾ ਕੈਨੇਡਾ ਮੈਂ ਜਾਣਾ" ਲੋਕ ਅਰਪਣ

ਮੋਗਾ, 27 ਫਰਵਰੀ(ਗਿਆਨ ਸਿੰਘ): ਬੀਤੇ ਦਿਨ ਮਹਿੰਦਰ ਸਾਥੀ ਯਾਦਗਾਰੀ ਮੰਚ ਮੋਗਾ ਵੱਲੋ ਹਾਲੈਂਡ ਰਹਿੰਦੇ ਪ੍ਰਸਿੱਧ ਵਾਰਤਾਕਾਰ ਜੋਗਿੰਦਰ ਬਾਠ ਦਾ ਸਨਮਾਨ ਕੀਤਾ ਗਿਆ ਅਤੇ ਉਹਨਾਂ ਦੀ ਨਵ ਪ੍ਰਕਾਸ਼ਿਤ ਸਫਰਨਾਮਾ ਪੁਸਤਕ "ਕੈਨੇਡਾ ਕੈਨੇਡਾ ਮੈਂ ਜਾਣਾ" ਪ੍ਰਸਿੱਧ ਸਾਹਿਤਕਾਰਾਂ ਵੱਲੋਂ ਲੋਕ ਅਰਪਣ ਕੀਤੀ ਗਈ। ਸੁਤੰਤਰਤਾ ਸੰਗਰਾਮੀ ਭਵਨ ਮੋਗਾ ਵਿਖੇ ਕਰਵਾਏ ਗਏ ਸੰਖੇਪ ਪਰ ਬਹੁਤ ਹੀ ਪ੍ਰਭਾਵਸ਼ਾਲੀ ਸਮਾਗਮ ਵਿੱਚ ਪ੍ਰਸਿੱਧ ਨਾਵਲਕਾਰ ਵਿਅੰਗਕਾਰ ਤੇ ਕਹਾਣੀਕਾਰ ਕੇ ਐਲ ਗਰਗ, ਸੰਸਾਰ ਪ੍ਰਸਿੱਧ ਵਾਰਤਾਕਾਰ ਨਿੰਦਰ ਘੁਗਿਆਣਵੀ, ਇੰਗਲੈਂਡ ਰਹਿੰਦੇ ਸ਼ਾਇਰ ਅਜੀਮ ਸ਼ੇਖਰ, ਪ੍ਰਸਿੱਧ ਚਿੰਤਕ ਗੁਰਚਰਨ ਨੂਰਪੁਰ, ਨਾਮਵਰ ਅਲੋਚਕ ਡਾ ਸੁਰਜੀਤ ਸਿੰਘ ਬਰਾੜ, ਜਿਲਾ ਭਾਸ਼ਾ ਅਫਸਰ ਮੋਗਾ ਡਾਕਟਰ ਅਜੀਤ ਪਾਲ, ਕੈਨੇਡਾ ਰਹਿੰਦੇ ਸ਼ਾਇਰ ਗੁਰ-ਬਚਨ ਚਿੰਤਕ, ਇੰਗਲੈਂਡ ਰਹਿੰਦੇ ਨਾਵਲਕਾਰ ਜਸਵਿੰਦਰ ਰੱਤੀਆਂ, ਜਗਜੀਤ ਕੌਰ ਸੰਧੂ ਆਸਟ੍ਰੇਲੀਆ, ਨਵਨੀਤ ਸੇਖਾ, ਸੁਖਵਿੰਦਰ ਮਰਾੜ ਅਤੇ ਸ਼ਾਇਰ ਅਮਰ ਸੂਫੀ ਨੇ ਜੋਗਿੰਦਰ ਬਾਠ ਨੂੰ ਸ਼ੇਖ ਫਰੀਦ ਸਾਹਿਤ ਵਿਚਾਰ ਮੰਚ ਫਰੀਦਕੋਟ ਵੱਲੋਂ ਪੰਜਾਬੀ ਸੇਵਾ ਸਨਮਾਨ ਨਾਲ ਸਨਮਾਨਿਤ ਕੀਤਾ। ਇਸ ਮੌਕੇ 'ਤੇ ਉਹਨਾਂ ਵੱਲੋਂ ਲਿਖਿਆ ਗਿਆ ਸਫਰਨਾਮਾ "ਕੈਨੇਡਾ ਕੈਨੇਡਾ ਮੈਂ ਜਾਣਾ" ਪ੍ਰਧਾਨਗੀ ਮੰਡਲ ਵੱਲੋਂ ਲੋਕ ਅਰਪਣ ਗਿਆ।



ਜੋਗਿੰਦਰ ਬਾਠ ਬਾਰੇ ਬੋਲਦਿਆਂ ਕੇ ਐਲ ਗਰਗ ਨੇ ਕਿਹਾ ਕਿ ਜੋਗਿੰਦਰ ਬਾਠ ਨੇ ਆਪਣੀ ਤਿੱਖੀ ਤੇ ਰਸਦਾਇੱਕ ਵਾਰਤਕ ਨਾਲ ਪਾਠਕਾਂ ਨੂੰ ਪ੍ਰਭਾਵਿਤ ਕੀਤਾ ਹੈ। ਜੋਗਿੰਦਰ ਬਾਠ ਸੋਸ਼ਲ ਮੀਡੀਆ 'ਤੇ ਵੀ ਪੂਰਾ ਸਰਗਰਮ ਰਹਿੰਦਾ ਹੈ। ਡਾਕਟਰ ਸੁਰਜੀਤ ਬਰਾੜ ਨੇ ਜੋਗਿੰਦਰ ਬਾਠ ਨੂੰ ਆਮ ਲੋਕਾਂ ਦਾ ਵਾਰਤਕਕਾਰ ਕਿਹਾ ਜਿਸ ਦੀ ਪੁਸਤਕ ਜੱਟ ਮਕੈਨੀਕਲ ਨੇ ਪੰਜਾਬੀ ਪਾਠਕਾਂ ਦੇ ਦਿਲਾਂ ਵਿੱਚ ਥਾਂ ਬਣਾਈ ਹੈ। ਸ਼ੇਖ ਫਰੀਦ ਮੰਚ ਫਰੀਦਕੋਟ ਦੇ ਪ੍ਰਧਾਨ ਅਤੇ ਅੰਤਰਰਾਸ਼ਟਰੀ ਪ੍ਰਸਿੱਧੀ ਪ੍ਰਾਪਤ ਲੇਖਕ ਨਿੰਦਰ ਘੁਗਿਆਣਵੀ ਨੇ ਜੋਗਿੰ-ਦਰ ਬਾਠ ਬਾਰੇ ਬੋਲਦਿਆਂ ਆਖਿਆ ਕਿ ਹੋਲੈਂਡ ਵਰਗੇ ਦੇਸ਼ ਵਿੱਚ ਰਹਿੰਦਿਆਂ ਵੀ ਉਹ ਪੰਜਾਬੀ ਮਾਂ ਬੋਲੀ ਨਾਲ ਲਗਾਤਾਰ ਜੁੜਿਆ ਹੋਇਆ ਹੈ ਅਤੇ ਸਮੇਂ ਸਿਰ ਵੱਖ-ਵੱਖ ਸਮੱਸਿਆਵਾਂ ਬਾਰੇ ਬੇਬਾਕੀ ਨਾਲ ਲਿਖਦਾ ਰਹਿੰਦਾ ਹੈ। ਮੰਚ ਦੇ ਪ੍ਰਧਾਨ ਕਹਾਣੀਕਾਰ ਗੁਰਮੀਤ ਕੜਿਆਲਵੀ ਨੇ ਆਏ ਹੋਏ ਸਾਰੇ ਵਿਦਵਾਨ ਸਾਹਿਤਕਾਰਾਂ ਨੂੰ ਜੀ ਆਇਆਂ ਆਖਿਆ। ਜੋਗਿੰਦਰ ਬਾਠ ਨੇ ਆਪਣੇ ਜੀਵਨ ਅਨੁਭਵ ਸਰੋਤਿਆਂ ਨਾਲ ਸਾਂਝੇ ਕੀਤੇ।

ਇਸ ਮੌਕੇ ਤੇ ਹਾਜ਼ਰ ਸ਼ਾਇਰਾਂ ਦਾ ਕਵੀ ਦਰਬਾਰ ਵੀ ਹੋਇਆ ਜਿਸ ਵਿੱਚ ਪੰਜਾਬ ਦੇ ਪ੍ਰਸਿੱਧ ਸ਼ਾਇਰ ਡਾਕਟਰ ਅਜੀਤਪਾਲ, ਰਾਜਦੀਪ ਤੂਰ, ਧਾਮੀ ਗਿੱਲ, ਹਰਭਿੰਦਰ ਪੀਰ ਮੁਹੰਮਦ, ਹਰਦੇਵ ਭੁੱਲਰ, ਵਿਵੇਕ ਕੋਟ ਈਸੇ ਖਾਂ, ਸ਼ੀਰਾ ਗਰੇਵਾਲ, ਗੁਰਪ੍ਰੀਤ ਧਰਮਕੋਟ,ਕਰਨਲ ਬਾਬੂ ਸਿੰਘ, ਸੋਨੀ ਮੋਗਾ, ਜਗੀਰ ਖੋਖਰ, ਸਿੰਘ ਦੀਪ, ਗੁਰਮੇਲ ਬੌਡੇ, ਦਰਸ਼ਨ ਸੰਘਾ, ਗੁਰਚਰਨ ਸੰਘਾ, ਗੁਰਬਚਨ ਚਿੰਤਕ ਅਤੇ ਜਸਵਿੰਦਰ ਸੰਧੂ ਗੋਲਟੀ ਨੇ ਆਪਣੀਆਂ ਰਚਨਾਵਾਂ ਪੇਸ਼ ਕਰਕੇ ਸਰੋਤਿਆਂ ਦੀ ਵਾਹ ਵਾਹ ਪ੍ਰਾਪਤ ਕੀਤੀ। ਮੰਚ ਸੰਚਾਲਨ ਗੁਰਪ੍ਰੀਤ ਧਰਮਕੋਟ ਵੱਲੋਂ ਕੀਤਾ।

ਸ਼ੇਰ ਜੰਗ ਜਾਂਗਲੀ ਫਾਊਂਡੇਸ਼ਨ ਦੇ ਜਨਰਲ ਸਕੱਤਰ ਵਿਜੇ ਕੁਮਾਰ, ਕਰਮਜੀਤ ਕੌਰ ਲੰਢੇਕੇ, ਸਿਮਰਜੀਤ ਸਿੰਮੀ, ਜ਼ਸ਼ਨ ਕੋਠੇ ਰੱਤੀਆਂ, ਗੁਰਪ੍ਰੀਤ ਮੁਕਤਸਰ ਸਮੇਤ ਉੱਘੇ ਲੇਖਕ ਇਸ ਮੌਕੇ ਹਾਜ਼ਰ ਸਨ। ਇਸ ਸਮਾਗਮ ਵਿੱਚ ਸੀਨੀਅਰ ਲੇਖਕ ਜੋਧ ਸਿੰਘ ਮੋਗਾ ਦੀ ਪੁਸਤਕ "ਅਸਲੀ ਮੋਗਾ" ਅਤੇ ਏਸ਼ੀਅਨ ਲਿਟਰੇਰੀ ਅਤੇ ਕਲਚਰਲ ਫੋਰਮ ਯੂ ਕੇ ਵੱਲੋਂ ਕਰਵਾਏ ਜਾਣ ਵਾਲੇ ਅਦਬੀ ਮੇਲੇ ਦਾ ਕੈਲੰਡਰ ਵੀ ਸਾਹਿਤਕਾਰਾਂ ਵੱਲੋਂ ਰਲੀਜ਼ ਕੀਤਾ ਗਿਆ।

# ਚਾਰ ਹਜ਼ਾਰ ਰੁਪਏ ਰਿਸ਼ਵਤ ਲੈਂਦਾ ਮਾਲ ਪਟਵਾਰੀ ਵਿਜੀਲੈਂਸ ਬਿਊਰੋ ਵੱਲੋਂ ਕਾਬੂ

ਸ੍ਰੀ ਮੁਕਤਸਰ ਸਾਹਿਬ, 27 ਫਰਵਰੀ ( ਗਿਆਨ ਸਿੰਘ): ਪੰਜਾਬ ਵਿਜੀਲੈਂਸ ਬਿਊਰੋ ਨੇ ਆਪਣੀ ਭ੍ਰਿਸ਼ਟਾਚਾਰ ਵਿਰੋਧ ਵਿੱਢੀ ਮੁਹਿੰਮ ਦੌਰਾਨ ਅੱਜ ਤਹਿਸੀਲ ਦਫ਼ਤਰ, ਗਿੱਦੜਬਾਹਾ-2, ਸ੍ਰੀ ਮੁਕਤਸਰ ਸਾਹਿਬ ਜਿਲ੍ਹਾ ਵਿਖੇ ਤਾਇਨਾਤ ਇੱਕ ਮਾਲ ਪਟਵਾਰੀ ਸੁਭਮ ਬਾਂਸਲ ਨੂੰ 4,000 ਰੁਪਏ ਦੀ ਰਿਸ਼ਵਤ ਮੰਗਣ ਤੇ ਲੈਣ ਦੇ ਦੋਸ਼ ਹੇਠ ਰੰਗੇ ਹੱਥੀਂ ਕਾਬੂ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਮਾਲ ਪਟਵਾਰੀ ਵਿਰੁੱਧ ਇਹ ਮਾਮਲਾ ਤਹਿਸੀਲ ਗਿੱਦੜਬਾਹਾ ਦੇ ਪਿੰਡ ਪਿਊਰੀ ਨਿਵਾਸੀ ਦਰਸ਼ਨ ਸਿੰਘ ਦੀ ਸ਼ਿਕਾਇਤ 'ਤੇ ਦਰਜ ਕੀਤਾ ਗਿਆ ਹੈ। ਹੋਰ ਵੇਰਵੇ ਦਿੰਦਿਆਂ ਉਨ੍ਹਾਂ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੋਸ਼ ਲਾਇਆ ਕਿ ਉਕਤ ਪਟਵਾਰੀ ਸਵੇਰੇ ਹੀ ਉਸ ਦੀ ਜ਼ਮੀਨ ਦਾ ਇੰਤਕਾਲ ਕਰਨ ਬਦਲੇ 2,000 ਰੁਪਏ ਰਿਸ਼ਵਤ ਵਜੋਂ ਲੈ ਚੁੱਕਾ ਹੈ ਅਤੇ ਰਿਸ਼ਵਤ ਦੀ ਬਾਕੀ ਰਹਿੰਦੀ ਰਕਮ ਸ਼ਾਮ ਤੱਕ ਦੇਣ ਦੀ ਮੰਗ ਰਿਹਾ ਹੈ।

ਬੁਲਾਰੇ ਨੇ ਅੱਗੇ ਦੱਸਿਆ ਕਿ ਬਠਿੰਡਾ ਰੇਂਜ ਦੀ ਵਿਜੀਲੈਂਸ ਯੂਨਿਟ ਨੇ ਸ਼ਿਕਾਇਤ ਵਿੱਚ ਲਗਾਏ ਗਏ ਦੋਸ਼ਾਂ ਦੀ ਪੜਤਾਲ ਕੀਤੀ ਅਤੇ ਇੱਕ ਜਾਲ ਵਿਛਾਇਆ ਜਿਸ ਤਹਿਤ ਦੋਸ਼ੀ ਪਟਵਾਰੀ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ ਦੂਜੀ ਕਿਸ਼ਤ ਵਜੋਂ 2,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਗਿਆ। ਵਿਜੀਲੈਂਸ ਟੀਮ ਨੇ ਮੌਕੇ 'ਤੇ ਹੀ ਮੁਲਜ਼ਮਾਂ ਦੇ ਕਬਜ਼ੇ 'ਚੋਂ 4,000 ਰੁਪਏ ਦੀ ਰਿਸ਼ਵਤ ਦੀ ਰਕਮ ਬਰਾਮਦ ਕੀਤੀ। ਇਸ ਸਬੰਧੀ ਉਕਤ ਮਾਲ ਪਟਵਾਰੀ ਵਿਰੁੱਧ ਵਿਜੀਲੈਂਸ ਬਿਊਰੋ ਥਾਣਾ ਬਠਿੰਡਾ ਰੇਂਜ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮੁਕੱਦਮਾ ਦਰਜ ਕੀਤਾ ਗਿਆ ਹੈ। ਉਸ ਨੂੰ ਭਲਕੇ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।



# ਮਲੋਟ ਦੇ ਸਿਵਲ ਹਸਪਤਾਲ ਨੂੰ ਮਿਲਿਆ 'ਏ' ਗ੍ਰੇਡ

ਚੰਡੀਗੜ੍ਹ, 27 ਫਰਵਰੀ (ਪੋਸਟ ਬਿਊਰੋ): ਸਿਹਤ ਵਿਭਾਗ ਵੱਲੋਂ ਮਲੋਟ ਦੇ ਸਿਵਲ ਹਸਪਤਾਲ ਨੂੰ ਜ਼ਿਆਦਾ ਮਰੀਜਾਂ ਦਾ ਇਲਾਜ਼ ਕਰਨ ਲਈ 'ਏ' ਗ੍ਰੇਡ ਮਿਲਿਆ ਹੈ।

ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਅਤੇ ਸਮਾਜਿਕ ਨਿਆਂ, ਅਧਿਕਾਰਤਾ ਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਮਰੀਜਾਂ ਦਾ ਚੈਕਅੱਪ, ਅਲਟਰਾਸਾਊਂਡ, ਮੈਡੀਕਲ ਟੈਸਟ, ਐਕਸਰੇ ਸਮੇਤ ਕਈ ਬਿਮਾਰੀਆਂ ਦਾ ਹੋਰ ਸਰਕਾਰੀ ਹਸਪਤਾਲਾਂ ਤੋਂ ਬਿਹਤਰ ਇਲਾਜ਼ ਕਰਨ ਲਈ ਮਲੋਟ ਦੇ ਸਿਵਲ ਹਸਪਤਾਲ ਨੂੰ 'ਏ' ਗ੍ਰੇਡ ਮਿਲਿਆ ਹੈ। ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਲੋਕਾਂ ਨੂੰ ਦਿੱਤੀਆ ਬਿਹਤਰ ਸਿਹਤ ਸਹੂਲਤਾਂ ਕਾਰਣ ਸਰਕਾਰੀ ਹਸਪਤਾਲਾਂ ਵਿੱਚ ਲੋਕਾਂ ਦਾ ਵਿਸ਼ਵਾਸ਼ ਵਧਿਆ ਹੈ। ਉਨ੍ਹਾਂ ਦੱਸਿਆ ਕਿ ਸਰਕਾਰੀ ਹਸਪਤਾਲਾਂ ਵਿੱਚ ਇਲਾਜ ਲਈ ਆਉਣ ਵਾਲੇ ਮਰੀਜਾਂ ਦੀ ਗਿਣਤੀ ਵਿੱਚ ਵਾਧਾ ਹੋ ਰਿਹਾ ਹੈ। ਮੁਕਤਸਰ ਜ਼ਿਲ੍ਹੇ ਵਿੱਚ ਸੱਭ ਤੋਂ ਵੱਧ ਮਰੀਜ਼ ਮਲੋਟ ਦੇ ਸਿਵਲ ਹਸਪਤਾਲ ਵਿੱਚ ਇਲਾਜ਼ ਲਈ ਆ ਰਹੇ ਹਨ। ਇਸੇ ਲਈ ਮਲੋਟ ਦੇ ਸਿਵਲ ਹਸਪਤਾਲ ਨੇ ਮੁਕਤਸਰ ਦੇ ਜ਼ਿਲ੍ਹਾ ਹਸਪਤਾਲ ਨੂੰ ਵੀ ਪਛਾੜ ਦਿੱਤਾ ਹੈ। ਮਲੋਟ ਦੇ ਹਸਪਤਾਲ ਵਿੱਚ ਗਰਭਵਤੀ ਔਰਤਾਂ ਦੇ ਅਲਟਰਾ ਸਾਊਂਡ ਤੋਂ ਲੈ ਕੇ ਡਲਿਵਰੀ, ਮੈਡੀਕਲ ਟੈਸਟ, ਐਕਸ-ਰੇ, ਈ.ਸੀ.ਜੀ ਸਹਿਤ ਹੋਰ ਬਿਮਾਰੀਆਂ ਦਾ ਇਲਾਜ ਕਰਵਾਉਣ ਵਾਲੇ ਮਰੀਜ਼ਾਂ ਦੀ ਗਿਣਤੀ ਲਗਾਤਾਰ ਵੱਧ ਰਹੀ ਹੈ।



ਕੈਬਨਿਟ ਮੰਤਰੀ ਨੇ ਦੱਸਿਆ ਕਿ ਸਰਕਾਰੀ ਹਸਪਤਾਲ ਮਲੋਟ ਵਿੱਚ ਮਰੀਜ਼ਾਂ ਲਈ ਸਾਰੀਆਂ ਸਿਹਤ ਸੁਵਿਧਾਵਾਂ ਮੌਜੂਦ ਹਨ। ਇਥੇ ਪ੍ਰਤੀਦਿਨ ਓ.ਪੀ.ਡੀ ਵਿੱਚ 450-500 ਮਰੀਜ ਆਪਣਾ ਇਲਾਜ਼ ਕਰਵਾਉਣ ਲਈ ਆ ਰਹੇ ਹਨ। ਉਨ੍ਹਾਂ ਦੱਸਿਆਂ ਕਿ ਹਸਪਤਾਲ ਵਿੱਚ ਰੋਜਾਨਾ 40 ਦੇ ਲੱਗਭੱਗ ਐਕਸਰੇ, 800 ਤੋਂ ਜ਼ਿਆਦਾ ਲੈਬ ਟੈਸਟ ਅਤੇ 20-25 ਅਲਟਰਾਂਸਾਊਂਡ ਕੀਤੇ ਜਾਂਦੇ ਹਨ।

ਡਾ. ਬਲਜੀਤ ਕੌਰ ਨੇ ਦੱਸਿਆ ਕਿ ਸਿਵਲ ਹਸਪਤਾਲ ਮਲੋਟ ਵਿੱਚ ਜਨਵਰੀ 2024 ਵਿੱਚ ਓ.ਪੀ.ਡੀ ਵਿੱਚ 10430 ਮਰੀਜ, ਆਈ.ਪੀ.ਡੀ ਵਿੱਚ 890 ਮਰੀਜ, ਲੈਬ ਟੈਸਟ 29998, ਐਕਸਰੇ 899, ਈ.ਸੀ.ਜੀ 214, ਡਿਲੀਵਰੀ 169, ਅਲਟਰਾਂਸਾਊਂਡ 671, ਮਰੀਜ਼ ਭਰਤੀ 2213 ਅਤੇ 151 ਅਪਰੇਸ਼ਨ ਹੋਏ। ਮੰਤਰੀ ਨੇ ਦੱਸਿਆ ਕਿ ਸਿਵਲ ਹਸਪਤਾਲ ਮਲੋਟ ਵਿੱਚ ਸਾਰੇ ਵੱਖ-ਵੱਖ ਕਿਸਮ ਦੇ ਮਾਹਿਰ ਡਾਕਟਰ ਤਾਇਨਾਤ ਕੀਤੇ ਗਏ ਹਨ ਜੋ ਲੋਕਾਂ ਨੂੰ ਸਿਹਤ ਸਹੂਲਤਾਂ ਪ੍ਰਦਾਨ ਕਰ ਰਹੇ ਹਨ। ਉਨ੍ਹਾਂ ਦੱਸਿਆ ਕਿ ਮਲੋਟ ਦੇ ਆਸ ਪਾਸ ਦੇ 25 ਪਿੰਡਾਂ ਦੇ ਲੋਕ ਓਪੀਡੀ ਦਾ ਲਾਭ ਲੈ ਰਹੇ ਹਨ। ਸਿਵਲ ਹਸਪਤਾਲ ਮਲੋਟ ਨੇ 6.98 ਕਰੋੜ ਰੁਪਏ ਯੂਜਰ ਚਾਰਜ਼ਿਜ਼ ਤੋਂ ਪ੍ਰਾਪਤ ਕੀਤੇ ਹਨ ਅਤੇ 6 ਲੱਖ ਤੋਂ ਵੱਧ ਦੀ ਕਮਾਈ ਪ੍ਰਤੀ ਮਹੀਨਾ ਯੂਜ਼ਰ ਚਾਰਜ਼ਿਜ਼ ਤੋਂ ਕੀਤੀ ਜਾ ਰਹੀ ਹੈ। ਕੈਬਨਿਟ ਮੰਤਰੀ ਨੇ ਸਿਵਲ ਹਸਪਤਾਲ ਮਲੋਟ ਨੂੰ 'ਏ' ਗ੍ਰੇਡ ਮਿਲਣ ਤੇ ਸਮੂਹ ਸਟਾਫ ਵੱਲੋਂ ਕੀਤੀ ਸਖਤ ਮਿਹਨਤ ਦੀ ਪ੍ਰਸੰਸਾ ਕੀਤੀ ਜਿਨ੍ਹਾ ਦੀ ਮਿਹਨਤ ਸਦਕਾ ਇਹ ਮੁਕਾਮ ਹਾਸਿਲ ਹੋਇਆ ਹੈ।


URGENTLY NEED NEW LISTINGS IN BRAMPTON/CALEDON



visit: www.teamjagaujla.com
ADVERTISEMENT GUARANTEED TILL SOLD
JAG AUJLA
MCNE, REAL ESTATE BROKER
416-371-7777
e-mail: j.aujla@rogers.com or visit: www.jagaujla.com
MCNE

CALL JAG AUJLA FOR A QUICK & FREE HOME EVALUATION
www.BramptonTopRealtor.com
RECENTLY LISTED IN YOUR NEIGHBOURHOOD

**Sandalwood & Sunny Meadow Blvd**



ਬਹੁਤ ਹੀ ਵਧੀਆ ਲੋਕੇਸ਼ਨ ਉਤੇ ਗ੍ਰੀਨਰੀ ਫੇਸਿੰਗ ਬਹੁਤ ਹੀ ਵਧੀਆ ਤਰੀਕੇ ਨਾਲ ਮੇਨਟੇਨ ਕੀਤਾ ਹੋਇਆ ਲਗਭਗ 1305 ਸਕੇਅਰ ਫੁੱਟ (ਐਮਪੈਕ ਅਨੁਸਾਰ) ਦਾ ਕੌਂਡੋ ਸਟੈਕਡ ਟਾਊਨ ਹਾਊਸ, ਸਾਰੇ ਘਰ ਨੂੰ ਨਵਾਂ ਰੰਗ ਕੀਤਾ ਹੋਇਆ, ਸਾਲ 2016-17 ਵਿਚ ਬਣਿਆ ਹੋਇਆ 2 ਬੈਡਰੂਮ + 3 ਵਾਸ਼ਰੂਮ + ਓਪਨ ਟੈਰੇਸਡ ਬਾਲਕਨੀ + 1 ਕਾਰ ਗਰਾਜ ਦੇ ਨਾਲ, ਓਪਨ ਕਾਂਸੈਪਟ ਲਿਵਿੰਗ ਲੈਮੀਨੇਟਡ ਫਲੋਰ ਦੇ ਨਾਲ ਲੈਸ ਡਾਇਨਿੰਗ ਏਰੀਆ, ਸਟੇਨਲੈਸ ਸਟੀਲ ਨਾਲ ਬਣੀਆਂ ਕਿਚਨ ਕੈਬਿਨੇਟਸ, ਮਾਸਟਰ ਬੈਡਰੂਮ 4 ਪੀਸੀ ਐਨਸੂਟ ਦੇ ਨਾਲ ਸਕੂਲ, ਬੱਸ ਸਟਾਪ ਅਤੇ ਪਾਰਕ ਆਦਿ ਦੇ ਬਿਲਕੁਲ ਨਜ਼ਦੀਕ ਅਤੇ ਹੋਰ ਵੀ ਬਹੁਤ ਕੁੱਝ।

**James Potter/Queen/Bonnie Brae**



ਬਹੁਤ ਹੀ ਸੋਹਣਾ 3000-3500 ਸਕੇਅਰ ਫੁੱਟ ਦਾ ਡਿਟੈਚਡ ਘਰ, 5+2 ਬੈਡਰੂਮ + ਦਫਤਰ + 5 ਵਾਸ਼ਰੂਮ, ਫਿਨਿਸ਼ਡ ਬੇਸਮੈਂਟ, 2 ਅਲੱਗ ਐਂਟਰੈਂਸ, 9 ਫੁੱਟ ਦੀ ਸੀਲਿੰਗ, ਡਬਲ ਡੋਰ ਐਂਟਰੀ, 5 ਪੀਸੀ ਐਨਸੂਟ ਦੇ ਨਾਲ ਮਾਸਟਰ ਬੈਡਰੂਮ, ਮੇਨ ਫਲੋਰ ਉਤੇ ਲੱਕੜ ਦਾ ਕੰਮ ਕੀਤਾ ਹੋਇਆ, ਬੇਸਮੈਂਟ ਵਿਚ ਲੈਮੀਨੇਟ ਅਤੇ ਸੇਰਾਮਿਕਸ, ਗ੍ਰੇਨਾਈਟ ਕਊਂਟਰ ਟਾਪ ਅਤੇ ਸੈਂਟਰ ਆਈਲੈਂਡ ਦੇ ਨਾਲ ਕਿਚਨ, ਗ੍ਰੀਨਰੀ ਵੱਲ ਫੇਸ ਕਰਦਾ ਹੋਇਆ ਬ੍ਰੇਕਫਾਸਟ ਏਰੀਆ, ਮੇਨ ਫਲੋਰ ਉਤੇ ਲਾਊਂਡਰੀ, ਘਰ ਦੇ ਸਾਹਮਣੇ ਪਾਰਕ ਅਤੇ ਹੋਰ ਵੀ ਬਹੁਤ ਕੁੱਝ।

**Caledon Ontario (Dir/Cross St:Mayfield/ Mclaughlin/Tweedhill)**



ਬਹੁਤ ਹੀ ਵਧੀਆ ਪ੍ਰਾਈਮ ਲੋਕੇਸ਼ਨ ਉਤੇ ਕਿਰਾਏ ਲਈ ਖਾਲੀ 700-1100 ਸਕੁਏਅਰ ਫੁੱਟ ਦਾ ਸੋਹਣਾ ਜਿਹਾ ਘਰ, ਦੋ ਬੈਡਰੂਮਜ਼ ਦੇ ਨਾਲ ਲੀਗਲ ਬੇਸਮੈਂਟ ਅਪਾਰਟਮੈਂਟ (ਅਲੱਗ ਐਂਟਰੈਂਸ), ਕੰਕਰੀਟ ਦਾ ਡਰਾਇਵ ਵੇਅ, ਓਪਨ ਕਾਂ-ਸੈਪਟ ਦੇ ਨਾਲ ਲਿਵਿੰਗ ਰੂਮ ਨਾਲ ਅਟੈਚਡ ਕਿਚਨ, ਕਿਰਾਏਦਾਰ ਨੂੰ ਕਿਰਾਇਆ ਅਤੇ 30% ਯੂਟੀਲਿਟੀਜ਼ ਦੇਣਾ ਹੋਵੇਗਾਲੀਜ਼ ਘੱਟ ਤੋਂ ਘੱਟ 1 ਸਾਲ ਲਈ ਹੋਵੇਗੀ।

**Bramalea/Father Tobin /Fernfor**



ਬਹੁਤ ਹੀ ਸ਼ਾਨਦਾਰ 3065 ਸਕੇਅਰ ਫੁੱਟ ਦਾ 3 ਮੰਜਲਾ ਡਿਟੈਚਡ ਘਰ, 5+1 ਬੈਡਰੂਮ + 5 ਵਾ-ਸ਼ਰੂਮ ਅਤੇ 2 ਫੈਮਿਲੀ ਰੂਮ, 2 ਮਾਸਟਰ ਬੈਡਰੂਮ ਅਤੇ ਇਕ ਫਿਨਿਸ਼ਡ ਬੇਸਮੈਂਟ, ਡਬਲ ਡੋਰ ਐਂ-ਟਰੀ, ਓਕ ਸਟੇਅਰਕੇਸ, ਲਿਵਿੰਗ, ਡਾਈਨਿੰਗ ਅਤੇ ਫੈਮਿਲੀ ਰੂਮ ਵਿਚ ਹਾਰਡਵੁੱਡ ਲੱਗਾ ਹੋਇਆ, ਸੋਹਣਾ ਜਿਹਾ ਕਿਚਨ ਸੈਂਟਰ ਆਈਲੈਂਡ ਦੇ ਨਾਲ, ਮਾਸਟਰ ਬੈਡਰੂਮ ਵਿਚ 5 ਪੀਸੀ ਐਨ-ਸੂਟ, ਦੂਜੀ ਮੰਜਲ 'ਤੇ ਲਾਊਂਡਰੀ, ਗਰਾਜ ਤੋਂ ਘਰ ਦੀ ਐਂਟਰੀ, ਬੇਸਮੈਂਟ ਵਿਚ ਸ਼ਾਨਦਾਰ ਥੀਏਟਰ ਦੇ ਨਾਲ, ਸਕੂਲ, ਬੱਸ ਸਟਾਪ ਅਤੇ ਪਾਰਕ ਆਦਿ ਦੇ ਬਿਲਕੁਲ ਨਜ਼ਦੀਕ ਤੇ ਹੋਰ ਵੀ ਬਹੁਤ ਕੁੱਝ।

FREE
- Full MLS services
- Consistent marketing until your property is sold
- Competitive rates, exceptional service & award winning results
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold

RE/MAX REALTY SPECIALISTS INC.
Ph:905-456-3232
JAG AUJLA 416-371-7777
MCNE, Real Estate Broker
NOT INTENDED TO SOLICIT BUYERS OR SELLERS CURRENTLY UNDER CONTRACT





Grand Upholstery Ltd
Sofa Company Originality in Every Piece
Special on Sale

- ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
- ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
- ਆਪਣੀ ਮਨਪਸੰਦ ਦਾ ਕੋਈ ਵੀ L Shape ਡਿਜਾਇਨ ਅਤੇ ਰੰਗ ਚੁਣ ਸਕਦੇ ਹੋ।
- ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ

ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ



ਕੁਆਲਿਟੀ ਮੂਹੋਂ ਬੋਲਦੀ ਹੈ

Tel: 905.791.2888 Cell: 647.293.3212
2053 Williams Pkwy, Unit -45, Brampton | Email: grandupholstery@gmail.com






FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

SERVING FROM ALL LOCATIONS IN GTA AREA:

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017